SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 38 | Thursday, February 22, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਖਨੌਰੀ ਸਰਹੱਦ 'ਤੇ ਬਠਿੰਡਾ ਦੇ ਨੌਜਵਾਨ ਕਿਸਾਨ ਦੀ ਮੌਤ, ਦੋ ਭੈਣਾਂ ਦਾ ਇਕਲੌਤਾ ਭਰਾ ਸੀ



ਚੰਡੀਗੜ੍ਹ, 21 ਫਰਵਰੀ (ਪੋਸਟ ਬਿਊਰੋ): ਕਿਸਾਨ ਅੰਦੋਲਨ ਦੌਰਾਨ ਖਨੌਰੀ ਸਰਹੱਦ 'ਤੇ ਇੱਕ ਕਿਸਾਨ ਦੀ ਮੌਤ ਹੋ ਗਈ। ਮ੍ਰਿਤਕ ਕਿਸਾਨ ਦੀ ਪਹਿਚਾਣ ਬੱਲੋ ਪਿੰਡ ਦੇ 20 ਸਾਲਾ ਕਿਸਾਨ ਸੁਭਕਰਨ ਸਿੰਘ ਵਜੋਂ ਹੋਈ ਹੈ। ਨੌਜਵਾਨ ਕਿਸਾਨ ਸੁਭਕਰਨ ਸਿੰਘ ਕੋਲ ਸਿਰਫ਼ 3 ਏਕੜ ਜ਼ਮੀਨ ਸੀ। ਮ੍ਰਿਤਕ ਕਿਸਾਨ ਦੇ ਸਿਰ 'ਤੇ ਸੱਟ ਦੇ ਨਿਸ਼ਾਨ ਪਾਏ ਗਏ ਹਨ।

ਪਿਛਲੇ ਤਿੰਨ-ਚਾਰ ਦਿਨ ਪਹਿਲਾਂ ਕਿਸਾਨ ਅੰਦੋਲਨ ਵਿੱਚ ਖਨੌਰੀ ਪੰਜਾਬ ਹਰਿਆਣਾ ਬਾਰਡਰ 'ਤੇ ਗਿਆ ਸੀ। ਸੁਭਕਰਨ ਸਿੰਘ ਦੋ ਭੈਣਾਂ ਦਾ ਇਕਲੌਤਾ ਭਰਾ ਸੀ। ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮ੍ਰਿਤਕ ਨੌਜਵਾਨ ਕਿਸਾਨ ਦੇ ਪਰਿਵਾਰਕ ਮੈਂਬਰਾਂ ਨੂੰ ਮੁਆਵਜ਼ਾ ਦਿੱਤਾ ਜਾਵੇ ਅਤੇ ਉਨ੍ਹਾਂ ਦਾ ਕਰਜ਼ਾ ਮੁਆਫ਼ ਕੀਤਾ ਜਾਵੇ। ਸੁਭਕਰਨ ਦੀ ਲਾਸ਼ ਨੂੰ ਰਾਜਿੰਦਰਾ ਮੈਡੀਕਲ ਕਾਲਜ ਅਤੇ ਹਸਪਤਾਲ ਪਟਿਆਲਾ ਲਿਆਂਦਾ ਗਿਆ ਹੈ। ਘਟਨਾ ਸਬੰਧੀ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

## ਐਰਾਈਵਕੈਨ ਐਪ ਤਿਆਰ ਕਰਦੇ ਸਮੇਂ ਨਹੀਂ ਕੀਤੀ ਗਈ ਸਾਰੇ ਨਿਯਮਾਂ ਦੀ ਪਾਲਣਾ : ਟਰੂਡੋ



ਵੈਨਕੂਵਰ, 21 ਫਰਵਰੀ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਕਹਿਣਾ ਹੈ ਕਿ ਇਹ ਸਪਸ਼ਟ ਹੈ ਕਿ ਵਿਵਾਦਗ੍ਰਸਤ ਐਰਾਈਵਕੈਨ ਐਪ ਬਣਾਉਂਦੇ ਸਮੇਂ ਇਕਰਾਰਨਾਮੇ ਸਬੰਧੀ ਨਿਯਮਾਂ ਦੀ ਪਾਲਣਾ ਨਹੀਂ ਕੀਤੀ ਗਈ।

ਟਰੂਡੋ ਨੇ ਆਖਿਆ ਕਿ ਇਸ ਐਪ ਨੂੰ ਉਸ ਸਮੇਂ ਤਿਆਰ ਕੀਤਾ ਗਿਆ ਸੀ ਜਦੋਂ ਕੋਵਿਡ-19 ਮਹਾਂਮਾਰੀ ਦੀ ਸ਼ੁਰੂਆਤ ਹੋਈ ਸੀ ਤੇ ਜਦੋਂ ਹਰ ਮੁੱਦੇ ਉੱਤੇ ਸਵਾਲ ਉੱਠ ਰਹੇ ਸਨ ਪਰ ਫਿਰ ਵੀ ਔਖੇ ਵੇਲਿਆਂ ਵਿੱਚ ਵੀ ਨਿਯਮਾਂ ਦੀ ਪਾਲਣਾ ਕਰਨ ਦੀ ਲੋੜ ਹੁੰਦੀ ਹੈ। ਉਨ੍ਹਾਂ ਆਖਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਪਬਲਿਕ ਸਰਵੈਂਟਸ ਖਿਲਾਫ ਕਾਰਵਾਈ ਕੀਤੀ ਜਾਵੇਗੀ।

ਜ਼ਿਕਰਯੋਗ ਹੈ ਕਿ ਫੈਡਰਲ ਸਰਕਾਰ ਨੇ ਅਪਰੈਲ 2020 ਵਿੱਚ ਐਰਾਈਵਕੈਨ ਲਾਂਚ ਕੀਤਾ ਸੀ ਤਾਂ ਕਿ ਮਹਾਂਮਾਰੀ ਦੌਰਾਨ ਕੈਨੇਡਾ ਦਾਖਲ ਹੋਣ ਵਾਲੇ ਲੋਕਾਂ ਦੀ ਸਿਹਤ ਤੇ ਕਾਂਟੈਕਟ ਸਬੰਧੀ ਜਾਣਕਾਰੀ ਦਾ ਟਰੈਕ ਰੱਖਿਆ ਜਾ ਸਕੇ। ਇਸ ਦੇ ਨਾਲ ਹੀ ਕਸਟਮਜ਼ ਤੇ ਇਮੀਗ੍ਰੇਸ਼ਨ ਡੈਕਲੇਰੇਸ਼ਨਜ਼ ਨੂੰ ਡਿਜੀਟਲਾਈਜ਼ ਕਰਨ ਲਈ ਵੀ ਅਜਿਹਾ ਕੀਤਾ ਗਿਆ। ਇਸ ਮਹੀਨੇ ਦੇ ਸ਼ੁਰੂ ਵਿੱਚ ਕੈਨੇਡਾ ਦੇ ਆਡੀਟਰ ਜਨਰਲ ਨੇ ਆਖਿਆ ਸੀ ਕਿ ਐਰਾਈਵਕੈਨ ਨੂੰ ਤਿਆਰ ਕਰਨ ਤੇ ਲਾਗੂ ਕਰਨ ਦਰਮਿਆਨ ਕਈ ਤਰ੍ਹਾਂ ਦੀਆਂ ਅਣਗਹਿਲੀਆਂ ਹੋਈਆਂ, ਜੋ ਕਿ ਸਹੀ ਨਹੀਂ ਸਨ। ਉਨ੍ਹਾਂ ਇਹ ਵੀ ਆਖਿਆ ਕਿ ਸਰਕਾਰ ਦੀ ਬਾਹਰੀ ਕਾਂਟਰੈਕਟਰਜ਼ ਉੱਤੇ ਨਿਰਭਰਤਾ ਕਾਰਨ ਐਪ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ ਤੇ ਇਨ੍ਹਾਂ ਕੀਮਤਾਂ ਦਾ ਪੂਰਾ ਟਰੈਕ ਵੀ ਨਹੀਂ ਰੱਖਿਆ ਗਿਆ।

## ਮੀਜ਼ਲਜ਼ ਦੀ ਸੰਭਾਵੀ ਆਊਟਬ੍ਰੇਕ ਤੋਂ ਹੈਲਥ ਏਜੰਸੀਆਂ ਨੂੰ ਮੂਰ ਨੇ ਕੀਤਾ ਆਗਾਹ



ਓਨਟਾਰੀਓ, 21 ਫਰਵਰੀ (ਪੋਸਟ ਬਿਊਰੋ) : ਓਨਟਾਰੀਓ ਦੇ ਚੀਫ ਮੈਡੀਕਲ ਆਫੀਸਰ ਡਾ• ਕੀਰਨ ਮੂਰ ਨੇ ਓਨਟਾਰੀਓ ਹੈਲਥ ਤੇ ਲੋਕਲ ਪਬਲਿਕ ਹੈਲਥ ਏਜੰਸੀਜ਼ ਨੂੰ ਇੱਕ ਮੀਮੋ ਭੇਜ ਕੇ ਗਲੋਬਲ ਪੱਧਰ ਉੱਤੇ ਮੀਜ਼ਲਜ਼ (ਖਸਰੇ) ਦੇ ਵੱਧ ਰਹੇ ਮਾਮਲਿਆਂ ਤੋਂ ਆਗਾਹ ਕੀਤਾ ਹੈ।

ਮੰਗਲਵਾਰ ਨੂੰ ਭੇਜੇ ਗਏ ਇਸ ਮੀਮੋ ਵਿੱਚ ਮੂਰ ਨੇ ਏਜੰਸੀਆਂ ਨੂੰ ਚੇਤਾਵਨੀ ਦਿੱਤੀ ਕਿ ਉਹ ਮੀਜ਼ਲਜ਼ ਦੇ ਵੱਧ ਰਹੇ ਮਾਮਲਿਆਂ ਨਾਲ ਨਜਿੱਠਣ ਲਈ ਤਿਆਰ ਰਹਿਣ ਕਿਉਂਕਿ ਅਜਿਹੇ ਦੋ ਮਾਮਲੇ ਓਨਟਾਰੀਓ ਵਿੱਚ ਪਹਿਲਾਂ ਹੀ ਰਿਪੋਰਟ ਕੀਤੇ ਜਾ ਚੁੱਕੇ ਹਨ। ਇਨ੍ਹਾਂ ਦੋ ਮਾਮਲਿਆਂ ਵਿੱਚੋਂ ਇੱਕ ਪੀਲ ਰੀਜਨ ਤੇ ਦੂਜਾ ਸਿਟੀ ਆਫ ਟੋਰਾਂਟੋ ਤੋਂ ਸਾਹਮਣੇ ਆਇਆ ਹੈ। ਪਬਲਿਕ ਹੈਲਥ ਓਨਟਾਰੀਓ ਵੱਲੋਂ ਮੀਜ਼ਲਜ਼ ਨੂੰ ਤੇਜ਼ੀ ਨਾਲ ਇੱਕ ਤੋਂ ਦੂਜੇ ਵਿਅਕਤੀ ਤੱਕ ਫੈਲਣ ਵਾਲਾ ਵਾਇਰਸ ਦੱਸਿਆ ਗਿਆ ਹੈ ਜਿਹੜਾ ਖੰਘਣ ਤੇ ਛਿੱਕਣ ਨਾਲ ਮੁੱਖ ਤੌਰ ਉੱਤੇ ਫੈਲਦਾ ਹੈ ਤੇ ਇਸ ਦੇ ਜਰਾਸੀਮ ਦੋ ਘੰਟੇ ਤੱਕ ਹਵਾ ਵਿੱਚ ਰਹਿੰਦੇ ਹਨ।

ਮੀਜ਼ਲਜ਼ ਦੇ ਕੁੱਝ ਮੁੱਖ ਲੱਛਣਾਂ ਵਿੱਚ ਖੰਘਣਾ, ਪਿੰਡੇ ਉੱਤੇ ਧੱਫੜ ਪੈਣਾ, ਬੁਖਾਰ ਹੋਣਾ ਤੇ ਥਕਾਵਟ ਹੋਣਾ ਆਦਿ ਸ਼ਾਮਲ ਹਨ। ਮੂਰ ਨੇ ਹੈਲਥਕੇਅਰ ਪ੍ਰੋਵਾਈਡਰਜ਼ ਨੂੰ ਇਹ ਯਕੀਨੀ ਬਣਾਉਣ ਲਈ ਆਖਿਆ ਹੈ ਕਿ ਉਨ੍ਹਾਂ ਦੇ ਪੇਸ਼ੈਂਟਜ਼ ਨੂੰ ਇਸ ਸਬੰਧੀ ਸਾਰੀਆਂ ਵੈਕਸੀਨੇਸ਼ਨ ਲੱਗੀਆਂ ਹੋਣ। ਉਨ੍ਹਾਂ ਇਹ ਵੀ ਆਖਿਆ ਕਿ ਮੀਜ਼ਲਜ਼ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਇਹ ਵੈਕਸੀਨਜ਼ ਕਾਫੀ ਕਾਰਗਰ ਹਨ। ਹਾਲਾਂਕਿ ਜੀਟੀਏ ਵਿੱਚ ਇਸ ਸਮੇਂ ਮੀਜ਼ਲਜ਼ ਦੇ ਦੋ ਮਾਮਲੇ ਸਾਹਮਣੇ ਆਏ ਹਨ ਤੇ ਮੂਰ ਅਨੁਸਾਰ ਕੈਨੇਡਾ ਭਰ ਵਿੱਚ ਮੀਜ਼ਲਜ਼ ਦੇ ਕੁੱਲ ਚਾਰ ਮਾਮਲੇ ਸਾਹਮਣੇ ਆਏ ਹਨ।

## ਕੰਜ਼ਰਵੇਟਿਵਾਂ ਦੇ ਸਮਰਥਨ ਵਿੱਚ ਹੋ ਰਿਹਾ ਹੈ ਹੋਰ ਵਾਧਾ, ਲਿਬਰਲਾਂ ਤੇ ਐਨਡੀਪੀ ਦਰਮਿਆਨ ਬਰਾਬਰ ਦੀ ਟੱਕਰ : ਨੈਨੋਜ਼



ਓਟਵਾ, 21 ਫਰਵਰੀ (ਪੋਸਟ ਬਿਊਰੋ) : ਨੈਨੋਜ਼ ਵੱਲੋਂ ਕਰਵਾਏ ਗਏ ਨਵੇਂ ਸਰਵੇਖਣ ਅਨੁਸਾਰ ਪਿਏਰ ਪੌਲੀਐਵਰ ਦੀ ਅਗਵਾਈ ਵਾਲੇ ਕੰਜ਼ਰਵੇਟਿਵਜ਼ ਦੇ ਸਮਰਥਨ ਵਿੱਚ ਹੋਰ ਵਾਧਾ ਹੋਇਆ ਹੈ ਤੇ ਲਿਬਰਲ ਅਤੇ ਨਿਊ ਡੈਮੋਕ੍ਰੈਟਸ ਦਰਮਿਆਨ ਮੁਕਾਬਲਾ ਬਰਾਬਰੀ ਉੱਤੇ ਚੱਲ ਰਿਹਾ ਹੈ।

ਨੈਨੋਜ਼ ਦੇ ਇਸ ਨਵੇਂ ਸਰਵੇਖਣ ਅਨੁਸਾਰ ਪੌਲੀਐਵਰ ਦੀ ਮਕਬੂਲੀਅਤ ਵਿੱਚ ਤੇਜ਼ੀ ਨਾਲ ਵਾਧਾ ਦਰਜ ਕੀਤਾ ਗਿਆ ਹੈ ਜਦਕਿ ਉਨ੍ਹਾਂ ਦੀ ਪਾਰਟੀ ਨੂੰ ਫੈਡਰਲ ਲਿਬਰਲਾਂ ਨਾਲੋਂ 17 ਅੰਕਾਂ ਦੀ ਅਡਵਾਂਟੇਜ ਹਾਸਲ ਹੋਈ ਹੈ। ਕੰਜ਼ਰਵੇਟਿਵਾਂ ਦੇ ਸਮਰਥਨ ਵਿੱਚ ਪਿਛਲੇ ਚਾਰ ਹਫਤਿਆਂ ਦੌਰਾਨ ਵਾਧਾ ਵੇਖਣ ਨੂੰ ਮਿਲਿਆ ਹੈ ਤੇ ਕੰਜ਼ਰਵੇਟਿਵਾਂ ਨੂੰ 40.6 ਫੀ ਸਦੀ ਸਮਰਥਨ ਮਿਲ ਰਿਹਾ ਹੈ ਜਦਕਿ ਟਰੂਡੋ ਦੇ ਲਿਬਰਲਾਂ ਦੇ ਸਮਰਥਨ ਵਿੱਚ ਗਿਰਾਵਟ ਆਈ ਹੈ ਤੇ ਪਾਰਟੀ ਨੂੰ 23.8 ਫੀ ਸਦੀ ਸਮਰਥਨ ਹਾਸਲ ਹੋ ਰਿਹਾ ਹੈ। ਐਨਡੀਪੀ ਆਗੂ ਜਗਮੀਤ ਸਿੰਘ ਤੇ ਉਨ੍ਹਾਂ ਦੀ ਪਾਰਟੀ ਦੇ ਸਮਰਥਨ ਵਿੱਚ ਵੀ ਮਾਮੂਲੀ ਵਾਧਾ ਦਰਜ ਕੀਤਾ ਗਿਆ ਹੈ ਤੇ ਉਹ ਇਸ ਸਮੇਂ 21.9 ਫੀ ਸਦੀ ਸਮਰਥਨ ਦਾ ਆਨੰਦ ਮਾਣ ਰਹੇ ਹਨ।

ਨੈਨੋਜ਼ ਰਿਸਰਚ ਦੇ ਚੀਫ ਡਾਟਾ ਸਾਇੰਟਿਸਟ ਨਿੱਕ ਨੈਨੋਜ਼ ਦਾ ਕਹਿਣਾ ਹੈ ਕਿ ਇਸ ਸਮੇਂ ਪੌਲੀਐਵਰ ਨੂੰ ਕਾਫੀ ਫਾਇਦਾ ਹੋ ਰਿਹਾ ਹੈ ਤੇ ਉਹ ਮੂਹਰਲੀ ਸੀਟ ਉੱਤੇ ਹਨ। ਲਿਬਰਲਾਂ ਨੂੰ ਕਾਫੀ ਨੁਕਸਾਨ ਹੋਇਆ ਹੈ ਤੇ ਐਨਡੀਪੀ ਨੂੰ ਫਾਇਦਾ ਹੋ ਰਿਹਾ ਹੈ। ਲਿਬਰਲਾਂ ਤੇ ਐਨਡੀਪੀ ਦਰਮਿਆਨ ਜਿਹੜਾ ਵਕਫਾ ਸੀ ਉਹ ਕਾਫੀ ਘੱਟ ਗਿਆ ਹੈ ਤੇ ਆਉਣ ਵਾਲੇ ਸਮੇਂ ਵਿੱਚ ਦੋਵੇਂ ਪਾਰਟੀਆਂ ਬਰਾਬਰੀ ਉੱਤੇ ਵੀ ਆ ਸਕਦੀਆਂ ਹਨ।

ਇਸ ਦੇ ਨਾਲ ਹੀ ਨੈਨੋਜ਼ ਦੇ ਇੱਕ ਹੋਰ ਸਰਵੇਖਣ ਵਿੱਚ ਸਾਹਮਣੇ ਆਇਆ ਹੈ ਕਿ ਕੈਨੇਡੀਅਨ ਪ੍ਰਧਾਨ ਮੰਤਰੀ ਵਜੋਂ ਪੌਲੀਐਵਰ ਨੂੰ ਪਸੰਦ ਕਰ ਰਹੇ ਹਨ। 36 ਫੀ ਸਦੀ ਦਾ ਕਹਿਣਾ ਹੈ ਕਿ ਉਹ ਪੌਲੀਐਵਰ ਨੂੰ ਪ੍ਰਧਾਨ ਮੰਤਰੀ ਬਣਿਆ ਵੇਖਣਾ ਚਾਹੁੰਦੇ ਹਨ ਤੇ ਇਸ ਮਾਮਲੇ ਵਿੱਚ ਉਨ੍ਹਾਂ ਨੂੰ ਟਰੂਡੋ ਨਾਲੋਂ 16 ਅੰਕਾਂ ਦੀ ਐਡਵਾਂਟੇਜ ਮਿਲ ਰਹੀ ਹੈ। 20 ਫੀ ਸਦੀ ਦਾ ਕਹਿਣਾ ਹੈ ਕਿ ਉਹ ਟਰੂਡੋ ਨੂੰ ਹੀ ਪ੍ਰਧਾਨ ਮੰਤਰੀ ਵਜੋਂ ਵੇਖਣਾ ਚਾਹੁੰਦੇ ਹਨ ਜਦਕਿ 15 ਫੀ ਸਦੀ ਐਨਡੀਪੀ ਆਗੂ ਜਗਮੀਤ ਸਿੰਘ ਨੂੰ ਪ੍ਰਧਾਨ ਮੰਤਰੀ ਬਣਿਆ ਵੇਖਣਾ ਚਾਹੁੰਦੇ ਹਨ।

## ਅਪਾਰਟਮੈਂਟ ਵਿੱਚੋਂ ਗੰਨਜ਼ ਸਮੇਤ ਕਈ ਚੀਜ਼ਾਂ ਪੁਲਿਸ ਉੱਤੇ ਸੁੱਟਣ ਵਾਲੇ 4 ਵਿਅਕਤੀਆਂ ਨੂੰ ਕੀਤਾ ਗਿਆ ਗ੍ਰਿਫਤਾਰ



ਟੋਰਾਂਟੋ, 21 ਫਰਵਰੀ (ਪੋਸਟ ਬਿਊਰੋ) : ਗੰਨ ਕਾਲ ਦੀ ਜਾਂਚ ਕਰਨ ਲਈ ਲਿਬਰਟੀ ਵਿਲੇਜ ਪਹੁੰਚੀ ਪੁਲਿਸ ਉੱਤੇ ਅਪਾਰਟਮੈਂਟ ਦੀ ਬਾਲਕਨੀ ਤੋਂ ਕਥਿਤ ਤੌਰ ਉੱਤੇ ਹਥਿਆਰ ਸੁੱਟੇ ਗਏ। ਇਸ ਸਬੰਧ ਵਿੱਚ ਟੋਰਾਂਟੋ ਪੁਲਿਸ ਵੱਲੋਂ ਇੱਕ ਮਹਿਲਾ ਤੇ ਤਿੰਨ ਪੁਰਸ਼ਾਂ ਨੂੰ ਗ੍ਰਿਫਤਾਰ ਕੀਤਾ ਹੈ।

ਪੁਲਿਸ ਨੇ ਦੱਸਿਆ ਕਿ 17 ਫਰਵਰੀ, ਸ਼ਨਿੱਚਰਵਾਰ ਨੂੰ ਉਨ੍ਹਾਂ ਨੂੰ ਇਹ ਜਾਣਕਾਰੀ ਮਿਲੀ ਕਿ ਈਸਟ ਲਿਬਰਟੀ ਸਟਰੀਟ ਤੇ ਸਟ੍ਰੈਚਨ ਐਵਨਿਊ ਇਲਾਕੇ ਦੇ ਇੱਕ ਅਪਾਰਟਮੈਂਟ ਵਿੱਚ ਚਾਰ ਵਿਅਕਤੀਆਂ ਕੋਲ ਹਥਿਆਰ ਹਨ। ਜਦੋਂ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ ਤਾਂ ਇੱਕ ਮਸ਼ਕੂਕ ਅਪਾਰਟਮੈਂਟ ਵਿੱਚੋਂ ਨਿਕਲ ਕੇ ਗੁਆਂਢੀਆਂ ਦੀ ਬਾਲਕਨੀ ਉੱਤੇ ਛਾਲ ਮਾਰ ਕੇ ਚੜ੍ਹ ਗਿਆ ਤੇ ਇਸ ਦੌਰਾਨ ਉਸ ਦੀ ਗੰਨ ਹੇਠਾਂ ਡਿੱਗ ਗਈ। ਫਿਰ ਇਹ ਮਸ਼ਕੂਕ ਕਥਿਤ ਤੌਰ ਉੱਤੇ ਗੁਆਂਢੀਆਂ ਦੇ ਅਪਾਰਟਮੈਂਟ ਵਿੱਚ ਦਾਖਲ ਹੋ ਗਿਆ। ਐਨੇ ਵਿੱਚ ਤਿੰਨ ਬਾਕੀ ਦੇ ਮਸ਼ਕੂਕਾਂ ਨੇ ਬਾਲਕਨੀ ਵਿੱਚੋਂ ਹੋਰ ਚੀਜ਼ਾਂ ਸੁੱਟਣੀਆਂ ਸ਼ੁਰੂ ਕਰ ਦਿੱਤੀਆਂ। ਪੁਲਿਸ ਨੇ ਦੱਸਿਆ ਕਿ ਸੁੱਟੀਆਂ ਗਈਆਂ ਆਈਟਮਾਂ ਵਿੱਚ ਇੱਕ ਹੋਰ ਗੰਨ ਉਨ੍ਹਾਂ ਨੂੰ ਮਿਲੀ।

ਅਗਲੇ ਦਿਨ ਪੁਲਿਸ ਨੇ ਸਰਚ ਵਾਰੰਟ ਕਢਵਾ ਕੇ ਈਸਟ ਲਿਬਰਟੀ ਸਟਰੀਟ ਤੇ ਸਟ੍ਰੈਚਨ ਐਵਨਿਊ ਏਰੀਆ ਦੇ ਇਸ ਅਪਾਰਟਮੈਂਟ ਦੀ ਤਲਾਸ਼ੀ ਲਈ ਤੇ ਉਨ੍ਹਾਂ ਨੂੰ ਉੱਥੋਂ ਅਸਲਾ ਤੇ ਡਰੱਗਜ਼ ਬਰਾਮਦ ਹੋਏ। ਇਸ ਸਬੰਧ ਵਿੱਚ ਐਂਗਸ ਦੇ 28 ਸਾਲਾ ਬਰਥਲੈਂਡ ਡਾ ਕੋਸਟਾ, ਟੋਰਾਂਟੋ ਦੇ 25 ਸਾਲਾ ਇਸਾਕ ਸਟ੍ਰੈਫਰਡ, ਕਿਚਨਰ ਦੇ 27 ਸਾਲਾ ਅਨਾਸ ਅਹਿਮਦ ਤੇ ਟੋਰਾਂਟੋ ਦੀ 23 ਸਾਲਾ ਕੇਟਲਿਨ ਸੇਟ ਪਿਏਰ ਲੈਫੇਬਵਰੇ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਤੇ ਉਨ੍ਹਾਂ ਖਿਲਾਫ ਕਈ ਚਾਰਜਿਜ਼ ਲਾਏ ਗਏ ਹਨ।

## ਏਅਰ ਕੈਨੇਡਾ ਨੇ ਹੈਮਿਲਟਨ ਤੇ ਵਾਟਰਲੂ ਤੋਂ ਟੋਰਾਂਟੋ ਪੀਅਰਸਨ ਤੱਕ ਐਲਾਨੀ ਲਗਜ਼ਰੀ ਬੱਸ ਸਰਵਿਸ




ਟੋਰਾਂਟੋ, 21 ਫਰਵਰੀ (ਪੋਸਟ ਬਿਊਰੋ) : ਏਅਰ ਕੈਨੇਡਾ ਵੱਲੋਂ ਲਗਜ਼ਰੀ ਬੱਸ ਸਰਵਿਸ ਸ਼ੁਰੂ ਕੀਤੀ ਜਾ ਰਹੀ ਹੈ ਜਿਹੜੀ ਹੈਮਿਲਟਨ ਤੇ ਵਾਟਰਲੂ ਦੇ ਟਰੈਵਲਰਜ਼ ਨੂੰ ਟੋਰਾਂਟੋ ਪੀਅਰਸਨ ਇੰਟਰਨੈਸ਼ਨਲ ਏਅਰਪੋਰਟ ਨਾਲ ਜੋੜੇਗੀ।

ਏਅਰ ਕੈਨੇਡਾ ਵੱਲੋਂ ਦ ਲੈਂਡਲਾਈਨ ਕੰਪਨੀ ਨਾਲ ਭਾਈਵਾਲੀ ਦਾ ਐਲਾਨ ਕੀਤਾ ਗਿਆ ਹੈ, ਜਿਸ ਰਾਹੀਂ ਇਸ ਦੇ ਕਸਟਮਰਜ਼ ਲਗਜ਼ਰੀ ਮੋਟਰਕੋਚ ਸਰਵਿਸ ਦਾ ਆਨੰਦ ਮਾਣ ਸਕਣਗੇ, ਜਿਸ ਨਾਲ ਉਨ੍ਹਾਂ ਦਾ ਸਫਰ ਵਧੇਰੇ ਅਰਾਮਦਾਇਕ, ਸੁਖਾਲਾ ਤੇ ਸੁਹਾਨਾ ਹੋ ਜਾਵੇਗਾ। ਇਸ ਸਰਵਿਸ ਨੂੰ ਜੌਹਨ ਸੀ ਮੁਨਰੋ ਹੈਮਿਲਟਨ ਇੰਟਰਨੈਸ਼ਨਲ ਏਅਰਪੋਰਟ ਤੇ ਰੀਜਨ ਆਫ ਵਾਟਰਲੂ ਇੰਟਰਨੈਸ਼ਨਲ ਏਅਰਪੋਰਟ ਤੋਂ ਮਈ 2024 ਤੋਂ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਕੀਤਾ ਜਾਵੇਗਾ ਤੇ ਭਵਿੱਖ ਵਿੱਚ ਇਸ ਦਾ ਪਸਾਰ ਵੀ ਕੀਤਾ ਜਾਵੇਗਾ।

ਏਅਰ ਕੈਨੇਡਾ ਦੇ ਨੈੱਟਵਰਕ ਪਲੈਨਿੰਗ, ਨੌਰਥ ਅਮਰੀਕਾ ਤੇ ਸ਼ਡਿਊਲਿੰਗ ਸਬੰਧੀ ਵਾਈਸ ਪ੍ਰੈਜ਼ੀਡੈਂਟ ਅਲੈਗਜ਼ੈਂਡਰ ਲੈਫੇਵਰ ਨੇ ਆਖਿਆ ਕਿ ਲੈਂਡਲਾਈਨ ਦੇ ਪ੍ਰੀਮੀਅਮ ਮੋਟਰਕੋਚਿਜ਼ ਦਾ ਸਫਰ ਕਰਨ ਵਾਲਿਆਂ ਨੂੰ ਕਈ ਸਹੂਲਤਾਂ ਤੇ ਬੈਨੇਫਿਟ ਮਿਲਣਗੇ। ਉਨ੍ਹਾਂ ਦੱਸਿਆ ਕਿ ਲਗਜ਼ਰੀ ਬੱਸ ਸਰਵਿਸ ਹੈਮਿਲਟਨ ਤੇ ਵਾਟਰਲੂ ਏਅਰਪੋਰਟਸ ਤੋਂ ਟੋਰਾਂਟੋ ਪੀਅਰਸਨ ਤੱਕ ਰੋਜ਼ਾਨਾ ਦੇ ਛੇ ਨੌਨ ਸਟੌਪ ਟਰਿੱਪ ਕਰੇਗੀ।

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜ਼ੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ >>

ਕਹਿਣਾ ਭਾਰਤ ਸਰਕਾਰ ਨੂੰ ਪਿਆ ਬੇਲੀ,
ਨਿਭਿਆ ਸਾਡੇ ਤਾਂ ਨਾਲ ਬੱਸ ਰੂਸ ਬੇਲੀ।
ਪੱਛਮੀ ਮੁਲਕ ਭਰੋਸੇ'ਤੇ ਨਿਭਣ ਨਹੀਉਂ,
ਪਰਖ ਦੀ ਘੜੀ ਤੋਂ ਕਰਨ ਮਾਯੂਸ ਬੇਲੀ।
ਜਿੱਦਾਂ ਗਵਾਂਢ ਵਿੱਚ ਪਾਕਿ ਦੇ ਨਾਲ ਹੋਈ,
ਕੱਢਿਆ ਈ ਯਾਰੀ ਦਾ ਸਭ ਜਲੂਸ ਬੇਲੀ।
ਜਿਨ੍ਹਾਂ ਦੇਸ਼ਾਂ ਨਾਲ ਪੱਛਮ ਦੀ ਪਈ ਯਾਰੀ,
ਥਾਂ-ਥਾਂ ਹੁੰਦਾ ਇਹ ਸਾਫ ਮਹਿਸੂਸ ਬੇਲੀ।
ਜਿਹੜੇ ਸਾਂਝ ਅਮਰੀਕਾ ਵੱਲ ਕਰਨ ਚੱਲੇ,
ਗਏ ਸਨ ਰੂਸ ਨਾਲ ਸਾਂਝ ਨੂੰ ਛੋੜ ਬੇਲੀ।
ਤਜਰਬੇ ਨਾਲ ਹੈ ਉਨ੍ਹਾਂ ਨੂੰ ਅਕਲ ਆਈ,
ਔਖਾ ਕਹਿੰਦੇ ਨੇ ਪੱਛਮ ਨਾਲ ਜੋੜ ਬੇਲੀ।

**ਤੀਸ ਮਾਰ ਖਾਂ**

# ਮੁੱਖ ਮੰਤਰੀ ਨੇ ਪੱਛਮੀ ਬੰਗਾਲ ਵਿੱਚ ਸਿੱਖ ਪੁਲਿਸ ਅਫਸਰ ਦੀ ਵਤਨਪ੍ਰਸਤੀ 'ਤੇ ਸਵਾਲ ਚੁੱਕਣ ਲਈ ਭਾਜਪਾ ਲੀਡਰਸ਼ਿਪ ਦੀ ਕੀਤੀ ਸਖ਼ਤ ਅਲੋਚਨਾ

### ਭਾਜਪਾ ਲੀਡਰਸ਼ਿਪ ਨੂੰ ਮੁਆਫੀ ਮੰਗਣ ਲਈ ਕਿਹਾ

ਚੰਡੀਗੜ੍ਹ, 21 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੱਛਮੀ ਬੰਗਾਲ ਵਿੱਚ ਸਿੱਖ ਪੁਲਿਸ ਅਫਸਰ ਦੀ ਵਤਨਪ੍ਰਸਤੀ ਉਤੇ ਸਵਾਲ ਚੁੱਕਣ ਲਈ ਭਾਜਪਾ ਨੇਤਾਵਾਂ ਦੀ ਸਖ਼ਤ ਅਲੋਚਨਾ ਕੀਤੀ ਹੈ।

ਅੱਜ ਇੱਥੋਂ ਜਾਰੀ ਇਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਭਗਵਾਂ ਪਾਰਟੀ ਦੇ ਆਗੂ ਉਸ ਭਾਈਚਾਰੇ ਦੇ ਅਕਸ ਤੇ ਕਾਬਲੀਅਤ ਉਤੇ ਸਵਾਲ ਚੁੱਕ ਰਹੇ ਹਨ ਜਿਸ ਭਾਈਚਾਰੇ ਨੂੰ ਵਤਨਪ੍ਰਸਤੀ ਅਤੇ ਰਾਸ਼ਟਰਵਾਦੀ ਦੇ ਤੌਰ ਉਤੇ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੇਤਾ ਇਸ ਹਕੀਕਤ ਤੋਂ ਮੁਨਕਰ ਹੋ ਚੁੱਕੇ ਹਨ ਕਿ ਪੰਜਾਬੀਆਂ ਖਾਸ ਕਰਕੇ ਸਿੱਖ ਭਾਈਚਾਰੇ ਨੇ ਦੇਸ਼ ਦੀ ਆਜ਼ਾਦੀ ਲਈ ਮਿਸਾਲੀ ਕੁਰਬਾਨੀਆਂ ਕੀਤੀਆਂ ਹਨ। ਇਸ ਦੌਰਾਨ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੁਲਕ ਨੂੰ ਅੰਨ ਸੁਰੱਖਿਆ ਪੱਖੋਂ ਆਤਮ ਨਿਰਭਰ ਬਣਾਉਣ ਲਈ ਸਿੱਖ ਕਿਸਾਨਾਂ ਨੇ ਵੀ ਵੱਡਾ ਯੋਗਦਾਨ ਪਾਇਆ ਹੈ ਜਿਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਇਸੇ ਤਰ੍ਹਾਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਬਹਾਦਰ ਪੁੱਤ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਲਾਮਿਸਾਲ ਕੁਰਬਾਨੀਆਂ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਦੁੱਖ ਦੀ ਗੱਲ ਹੈ ਕਿ ਭਾਜਪਾ ਲੀਡਰ



ਤਨਦੇਹੀ ਨਾਲ ਡਿਊਟੀ ਨਿਭਾਅ ਰਹੇ ਸਿੱਖ ਅਫਸਰ ਨੂੰ ਦੇਸ਼ ਵਿਰੋਧੀ ਦੱਸ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਜਪਾ ਨੇਤਾਵਾਂ ਦੀ ਇਹ ਹਰਕਤ ਪੰਜਾਬੀਆਂ ਖਾਸ ਕਰਕੇ ਸਿੱਖ ਭਾਈਚਾਰੇ ਦਾ ਘੋਰ ਨਿਰਾਦਰ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਸਿੱਖ ਗੁਰੂ ਸਾਹਿਬਾਨ ਨੇ ਸਾਨੂੰ ਜਬਰ-ਜ਼ੁਲਮ, ਬੇਇਨਸਾਫੀ ਅਤੇ ਦਮਨ ਦੇ ਟਾਕਰਾ ਕਰਨ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਲੀਡਰਸ਼ਿਪ ਦੇ ਇਸ ਜ਼ਲਾਲਤ ਭਰੇ ਕਦਮ ਨੂੰ ਕਿਸੇ ਵੀ ਕੀਮਤ ਉਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਭਾਜਪਾ ਲੀਡਰਸ਼ਿਪ ਨੂੰ ਆਪਣੇ ਨੇਤਾਵਾਂ ਦੇ ਇਸ ਗੈਰ-ਜ਼ਿੰਮੇਵਾਰਾਨਾ, ਨਿਰਾਦਰ ਅਤੇ ਵਿਤਕਰੇ ਵਾਲੇ ਰਵੱਈਏ ਲਈ ਮੁਆਫੀ ਮੰਗਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮੁੱਚਾ ਪੰਜਾਬ ਬਹਾਦਰ ਸਿੱਖ ਪੁਲਿਸ ਅਫਸਰ ਨਾਲ ਡਟ ਕੇ ਖੜ੍ਹਾ ਹੈ ਜਿਸ ਨੇ ਆਪਣੀ ਡਿਊਟੀ ਨਿਭਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ।

# ਕਿਸਾਨ ਆਗੂਆਂ ਦਾ ਐਲਾਨ, ਅਗਲੇ 2 ਦਿਨ ਦਿੱਲੀ ਕੂਚ ਨਹੀਂ ਕਰਨਗੇ ਕਿਸਾਨ




ਚੰਡੀਗੜ੍ਹ, 21 ਫਰਵਰੀ (ਪੋਸਟ ਬਿਊਰੋ): ਸ਼ੰਭੂ ਬਾਰਡਰ ਤੋਂ ਵੱਡੀ ਖ਼ਬਰ ਆ ਰਹੀ ਹੈ। ਕਿਸਾਨ () ਆਗੂਆਂ ਨੇ ਫਿਲਹਾਲ ਅਗਲੇ ਦੋ ਦਿਨਾਂ ਲਈ ਦਿੱਲੀ ਵੱਲ ਆਪਣਾ ਮਾਰਚ ਰੋਕ ਦਿੱਤਾ ਹੈ। ਪਰ ਕਿਸਾਨਾਂ ਨੇ ਸਰਹੱਦ 'ਤੇ ਡਟੇ ਰਹਿਣ ਦਾ ਫੈਸਲਾ ਕੀਤਾ ਹੈ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਅਗਲੇ ਦੋ ਦਿਨਾਂ ਬਾਅਦ ਅਗਲੀ ਰਣਨੀਤੀ ਦੱਸਾਂਗੇ। ਨੌਜਵਾਨ ਕਿਸਾਨ ਦੀ ਮੌਤ ਤੋਂ ਬਾਅਦ ਕਿਸਾਨ ਆਗੂਆਂ ਨੇ ਇਹ ਐਲਾਨ ਕੀਤਾ ਹੈ .

# ਡੇਰਾ ਸੱਚਖੰਡ ਬੱਲਾਂ ਦੇ ਮਹਾਰਾਜ ਨਿਰੰਜਨ ਦਾਸ ਜੀ ਦੀ ਸਿਹਤ ਵਿਗੜੀ, ਡਾਕਟਰਾਂ ਅਨੁਸਾਰ ਹੁਣ ਠੀਕ

ਜਲੰਧਰ, 21 ਫਰਵਰੀ (ਪੋਸਟ ਬਿਊਰੋ): ਸ਼੍ਰੀ ਗੁਰੂ ਰਵਿਦਾਸ ਮਹਾਰ-ਾਜ ਦੇ ਪ੍ਰਕਾਸ਼ ਉਤਸਵ ਲਈ ਅੱਜ ਪੰਜਾਬ ਦੇ ਜਲੰਧਰ ਤੋਂ ਕਾਂਸ਼ੀ ਬਨਾਰਸ ਲਈ ਰੇਲ ਗੱਡੀ ਰਵਾਨਾ ਕੀਤੀ ਗਈ ਹੈ। ਜਿੱਥੇ ਡੇਰਾ ਸੱਚਖੰਡ ਬੱਲਾਂ ਦੇ ਮਹਾਰਾਜ ਸ਼੍ਰੀ ਨਿਰੰਦਨ ਦਾਸ ਜੀ ਦੀ ਸਿਹਤ ਵਿਗੜ ਗਈ। ਜਿਨ੍ਹਾਂ ਨੂੰ ਤੁਰੰਤ ਹਸਪਤਾਲ ਦਾਖਲ ਕਰਵਾਇਆ ਗਿਆ। ਹਾਲਾਂਕਿ ਕਿਹਾ ਗਿਆ ਹੈ ਕਿ ਸੰਤ ਨਿਰੰਜਨ ਦਾਸ ਦੀ ਸਿਹਤ ਹੁਣ ਠੀਕ ਹੈ। ਦੱਸ ਦੇਈਏ ਕਿ ਅੱਜ ਹਜ਼ਾਰਾਂ ਸ਼ਰਧਾਲੂ ਬੇਗਮਪੁਰਾ ਟਰੇਨ 'ਚ ਸਵਾਰ ਹੋ ਕੇ ਬਨਾਰਸ ਲਈ ਰਵਾਨਾ ਹੋਏ ਹਨ।



ਜਾਣਕਾਰੀ ਅਨੁਸਾਰ ਡੇਰਾ ਸੱਚਖੰਡ ਬੱਲਾਂ ਦੇ ਮਹਾਰਾਜ ਸ਼੍ਰੀ ਨਿਰੰਜਨ ਦਾਸ ਜੀ ਦੀ ਸਿਹਤ ਟਰੇਨ ਦੇ ਅੰਦਰ ਹੀ ਵਿਗੜ ਗਈ ਸੀ। ਇਸ ਪੁਲਿਸ ਪ੍ਰਸ਼ਾਸਨ ਵੱਲੋਂ ਮਹਾਰਾਜ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ। ਉਨ੍ਹਾਂ ਨੂੰ ਨਿੱਜੀ ਹਸਪਤਾਲ ਲਿਜਾਇਆ ਗਿਆ। ਜਿੱਥੇ ਡਾਕਟਰਾਂ ਨੇ ਮੁੱਢਲੀ ਸਹਾਇਤਾ ਦੇ ਬਾਅਦ ਉਸ ਨੂੰ ਛੁੱਟੀ ਦੇ ਦਿੱਤੀ। ਡਾਕਟਰਾਂ ਮੁਤਾ-ਬਕ ਮਹਾਰਾਜ ਦਾ ਸਿਰਫ ਦਮ ਘੁੱਟਣ ਦੀ ਸ਼ਿਕਾਇਤ ਸੀ।

# ਮੰਤਰੀ ਬਲਬੀਰ ਸਿੰਘ ਨੇ ਕਿਸਾਨਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਕੀਤੀ ਅਪੀਲ

ਚੰਡੀਗੜ੍ਹ, 21 ਫਰਵਰੀ (ਪੋਸਟ ਬਿਊਰੋ): ਕਿਸਾਨੀ ਅੰਦੋਲਨ ਵਿਚਕਾਰ ਤਣਾਅਪੂਰਨ ਮਾਹੌਲ ਦੇ ਵਿਚਕਾਰ, ਪੰਜਾਬ ਦੇ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਰਹੱਦ 'ਤੇ ਸਥਿਤੀ ਬਹੁਤ ਤਣਾਅਪੂਰਨ ਹੈ ਕਿਉਂਕਿ ਸਰਕਾਰ ਅਤੇ ਕਿਸਾਨਾਂ ਵਿਚਾਲੇ ਗੱਲਬਾਤ ਦਾ ਕੋਈ ਨਤੀਜਾ ਨਹੀਂ ਨਿਕਲਿਆ ਹੈ। ਮੈਂ ਕਿਸਾਨਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕਰਦਾ ਹਾਂ। ਮੈਂ ਹਰਿਆਣਾ ਸਰਕਾਰ ਅਤੇ ਪ੍ਰਸ਼ਾਸਨ ਦੇ ਨਾਲ-ਨਾਲ ਕੇਂਦਰ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਉਨ੍ਹਾਂ ਨੂੰ ਸ਼ਾਂਤਮਈ ਰੋਸ ਮਾਰਚ ਕਰਨ ਦਾ ਉਨ੍ਹਾਂ ਦਾ ਸੰਵਿਧਾਨਕ ਅਧਿਕਾਰ ਦਿੱਤਾ ਜਾਵੇ ਅਤੇ ਉਨ੍ਹਾਂ ਨੂੰ ਦਿੱਲੀ ਜਾਣ ਦੀ ਇਜਾਜ਼ਤ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ, ਮੁੱਖ



ਮੰਤਰੀ ਨੇ ਮੈਨੂੰ ਜ਼ਿੰਮੇਵਾਰੀ ਦਿੱਤੀ ਹੈ ਅਤੇ ਅਸੀਂ ਸਾਰੇ ਸਰਹੱਦੀ ਜ਼ਿਲ੍ਹਿਆਂ ਵਿਚ ਹਸਪਤਾਲਾਂ ਵਿੱਚ ਸਾਰੇ ਪ੍ਰਬੰਧ ਕੀਤੇ ਹਨ। ਮੈਂ ਸਾਰਿਆਂ ਨੂੰ ਸੰਜਮ ਵਰਤਣ ਅਤੇ ਸ਼ਾਂਤਮਈ ਢੰਗ ਨਾਲ ਆਪਣੀਆਂ ਮੰਗਾਂ ਨੂੰ ਅੱਗੇ ਵਧਾਉਣ ਦੀ ਅਪੀਲ ਕਰਦਾ ਹਾਂ।

# ਨਗਰ ਨਿਗਮ ਮੁਲਾਜ਼ਮਾਂ ਦੇ ਨਾਮ 'ਤੇ 30 ਹਜ਼ਾਰ ਦੀ ਰਿਸ਼ਵਤ ਲੈਣ ਵਾਲਾ ਵਿਜੀਲੈਂਸ ਵੱਲੋਂ ਕਾਬੂ

ਚੰਡੀਗੜ੍ਹ, 21 ਫਰਵਰੀ (ਪੋਸਟ ਬਿਊਰੋ): ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਅਮਰਪੁਰਾ, ਲੁਧਿਆਣਾ ਸ਼ਹਿਰ ਨਿਵਾਸੀ ਅਮਰਦੀਪ ਸਿੰਘ ਬਾਂਗੜ, ਜੋ ਜਗਜੀਤ ਨਗਰ, ਲੁਧਿਆਣਾ ਵਿਖੇ ਆਪਣਾ ਦਫ਼ਤਰ ਚਲਾ ਰਿਹਾ ਹੈ, ਨੂੰ ਨਗਰ ਨਿਗਮ ਲੁਧਿਆਣਾ ਦੇ ਅਧਿਕਾਰੀਆਂ ਦੇ ਨਾਂ 'ਤੇ 30,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪ੍ਰੀਤ ਨਗਰ ਸ਼ਮਿਲਾਪੁਰੀ, ਲੁਧਿਆਣਾ ਦੇ ਵਸਨੀਕ ਨਰੇਸ਼ ਕੁਮਾਰ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਆਨਲਾਈਨ ਸ਼ਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਕਿ-ਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਦੋਸ਼ੀ



ਅਮਰਦੀਪ ਸਿੰਘ ਬਾਂਗੜ ਨੇ ਨਗਰ ਨਿਗਮ ਲੁਧਿਆਣਾ ਤੋਂ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਜਾਰੀ ਕਰਵਾਉਣ ਬਦਲੇ ਉਸ ਕੋਲੋਂ 30,000 ਰੁਪਏ ਰਿਸ਼ਵਤ ਲਈ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਕਿਾਇਤ ਦੀ ਪੜਤਾਲ ਦੌਰਾਨ ਪਾਇਆ ਗਿਆ ਕਿ ਸ਼ਕਿਾਇਤਕਰਤਾ ਦੇ ਪਿਤਾ ਮਦਨ ਲਾਲ ਨੇ ਸਾਲ 2022 ਵਿੱਚ ਮਕਾਨ ਖਰੀਦਿਆ ਸੀ ਅਤੇ ਉਸ ਨੂੰ ਉਕਤ ਮਕਾਨ ਨੂੰ ਅੱਗੇ ਵੇਚਣ ਲਈ ਐਨ.ਓ.ਸੀ. ਦੀ ਜ਼ਰੂਰਤ ਸੀ। ਸ਼ਕਿ-ਾਇਤਕਰਤਾ ਨੇ ਇਹ ਵੀ ਦੋਸ਼ ਲਾਇਆ ਹੈ ਕਿ ਅਮਰਦੀਪ ਸਿੰਘ ਬਾਂਗੜ ਨੇ ਦਾਅਵਾ ਕੀਤਾ ਸੀ ਕਿ ਉਹ ਗਿੱਲ ਪਿੰਡ ਦੇ ਪਟਵਾਰਖਾਨੇ (ਮਾਲ ਦਫ਼ਤਰ) ਵਿੱਚ ਕੰਮ ਕਰਦਾ ਹੈ ਅਤੇ ਉਹ 30,000 ਰੁਪਏ ਰਿਸ਼ਵਤ ਦੇ ਕੇ ਜਲਦ ਐਨ.ਓ.ਸੀ. ਜਾਰੀ ਕਰਵਾ ਸਕਦਾ ਹੈ ਕਿਉਂਕਿ ਉਹ ਨਗਰ ਨਿਗਮ ਲੁਧਿਆਣਾ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਜਾਣਦਾ ਹੈ। ਉਸ ਦੇ ਭਰੋਸੇ 'ਤੇ ਸ਼ਕਿਾਇਤਕਰਤਾ ਨੇ 30,000 ਰੁਪਏ ਅਮਰਦੀਪ ਸਿੰਘ ਬਾਂਗੜ ਨੂੰ ਆਪਣੇ ਦੋਸਤ ਓਮ ਪ੍ਰਕਾਸ਼ ਦੀ ਮੌਜੂਦਗੀ 'ਚ ਉਸ ਦੇ ਦਫ਼ਤਰ ਵਿਖੇ ਦੇ ਦਿੱਤੇ। ਐਨ.ਓ.ਸੀ ਜਾਰੀ ਕਰਵਾਉਣ ਵਿੱਚ ਅਸਫ਼ਲ ਰਹਿਣ 'ਤੇ ਦੋਸ਼ੀ ਅਮਰਦੀਪ ਸਿੰਘ ਬਾਂਗੜ ਨੇ ਸ਼ਕਿਾਇਤਕਰਤਾ ਨੂੰ 40,000 ਰੁਪਏ ਦਾ ਚੈੱਕ ਦਿੱਤਾ ਅਤੇ 40,000 ਰੁਪਏ ਕਢਵਾਉਣ ਤੋਂ ਬਾਅਦ ਉਸਨੂੰ 10,000 ਰੁਪਏ ਵਾਪਸ ਕਰਨ ਲਈ ਕਿਹਾ। ਪਰ ਦਸਤਖਤ ਮੇਲ ਨਾ ਹੋਣ ਕਾਰਨ ਇਹ ਚੈੱਕ ਪਾਸ ਨਹੀਂ ਹੋ ਸਕਿਆ।

ਬੁਲਾਰੇ ਨੇ ਅੱਗੇ ਦੱਸਿਆ ਕਿ ਤਫਤੀਸ਼ ਦੌਰਾਨ ਸ਼ਕਿਾਇਤਕਰਤਾ ਵੱਲੋਂ ਅਮਰਦੀਪ ਸਿੰਘ ਬਾਂਗੜ ਖਿਲਾਫ ਲਗਾਏ ਦੋਸ਼ ਸਹੀ ਪਾਏ ਗਏ। ਇਸ ਸਬੰਧੀ ਅਮਰਦੀਪ ਸਿੰਘ ਬਾਂਗੜ ਦੇ ਖਿਲਾਫ਼ ਥਾਣਾ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7-ਏ ਅਤੇ ਆਈਪੀਸੀ ਦੀ ਧਾਰਾ 420 ਤਹਿਤ ਮੁਕੱਦਮਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।

# ਗੁਰਮੀਤ ਸਿੰਘ ਖੁੱਡੀਆਂ ਵੱਲੋਂ ਖਨੌਰੀ ਬਾਰਡਰ 'ਤੇ ਕਿਸਾਨ ਦੀ ਮੌਤ 'ਤੇ ਡੂੰਘੇ ਦੁੱਖ ਪ੍ਰਗਟਾਵਾ

ਚੰਡੀਗੜ੍ਹ, 21 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਖਨੌਰੀ ਬਾਰਡਰ 'ਤੇ ਅੰਦੋਲਨਕਾਰੀ ਕਿਸਾਨਾਂ ਖ਼ਿਲਾਫ਼ ਹਰਿਆਣਾ ਪੁਲਿਸ ਦੀ ਕਥਿਤ ਬੇਰਹਿਮ ਕਾਰਵਾਈ ਵਿੱਚ ਇੱਕ ਨੌਜਵਾਨ ਕਿਸਾਨ ਦੀ ਮੌਤ ਉੱਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਅਤੇ ਪੁਲੀਸ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ ਹੈ। ਸ. ਖੁੱਡੀਆਂ ਨੇ ਕਿਹਾ ਕਿ ਆਪਣੇ ਹੀ ਨਾਗਰਿਕਾਂ ਵਿਰੁੱਧ ਅਜਿਹੀ ਹਿੰਸਾ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ ਅਤੇ ਉਨ੍ਹਾਂ ਨੇ ਇਸ ਜਬਰ ਨੂੰ ਰੋਕਣ ਲਈ ਕੇਂਦਰ ਸਰਕਾਰ ਨੂੰ ਤੁਰੰਤ ਦਖ਼ਲ ਦੇਣ ਲਈ ਅਪੀਲ ਕੀਤੀ ਹੈ। ਖੇਤੀਬਾੜੀ ਮੰਤਰੀ ਨੇ ਅਪੀਲ ਕੀਤੀ ਕਿ ਕੇਂਦਰ ਸਰਕਾਰ ਨੂੰ ਤੁਰੰਤ ਅੱਗੇ ਆਉਣਾ ਚਾਹੀਦਾ ਹੈ ਅਤੇ ਸਾਡੇ 'ਅੰਨਦਾਤਾ' ਵਿਰੁੱਧ ਹਰਿਆਣਾ ਪੁਲਿਸ ਦੇ ਬੇਰਹਿਮੀ ਵਾਲੇ ਵਤੀਰੇ ਨੂੰ ਰੋਕਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦੁਨੀਆ ਦੇ ਸਭ ਤੋਂ ਵੱਡੇ ਜਮਹੂਰੀ ਮੁਲਕ ਦੇ ਕਿਸਾਨ ਆਪਣੀਆਂ ਮੰਗਾਂ ਲਈ ਸ਼ਾਂਤੀਪੂਰਵਕ ਢੰਗ ਨਾਲ ਸੰਘਰਸ਼ ਕਰ ਰਹੇ ਹਨ ਅਤੇ ਹਰਿਆਣਾ ਵੱਲੋਂ ਉਨ੍ਹਾਂ ਨਾਲ ਕੀਤਾ ਜਾ ਰਿਹਾ ਸਲੂਕ ਅਤਿ-ਨਿੰਦਣਯੋਗ ਹੈ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9



ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
* How your spouse can join you within 4-6 months
* How your parents can join you
* How students & skilled people can come to Canada
* How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com





# ਆਪ ਦੀ ਸਰਕਾਰ ਲੋਕਾਂ ਦੇ ਦੁਆਰ' ਪ੍ਰੋਗਰਾਮ ਤਹਿਤ ਵਿਧਾਇਕ ਕੁਲਵੰਤ ਸਿੰਘ ਨੇ ਕੀਤਾ ਨਾਨੂੰਮਾਜਰਾ ਅਤੇ ਸੁਖਗੜ੍ਹ ਪਿੰਡਾਂ ਦਾ ਦੌਰਾ

ਮੋਹਾਲੀ, 21 ਫਰਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਤਰਫੋਂ ਸ਼ੁਰੂ ਕੀਤੇ ਗਏ -ਆਪ ਦੀ ਸਰਕਾਰ ਲੋਕਾਂ ਦੇ ਦੁਆਰ- ਪ੍ਰੋਗਰਾਮ ਤਹਿਤ ਅੱਜ ਵਿਧਾਇਕ ਮੋਹਾਲੀ- ਕੁਲਵੰਤ ਸਿੰਘ ਨੇ ਪਿੰਡ ਨਾਨੂੰਮਾਜਰਾ ਅਤੇ ਸੁਖਗੜ੍ਹ ਦਾ ਦੌਰਾ ਕੀਤਾ, ਇਹਨਾਂ ਪਿੰਡਾਂ ਦੇ ਵਿੱਚ 44 ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਬੰਧਤ ਮੁਲਾਜ਼ਮ ਇਲਾਕੇ ਦੇ ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਲਈ ਮੌਜੂਦ ਰਹੇ, ਇਹਨਾਂ ਕੈਂਪਾਂ ਵਿੱਚ ਆਪਣੇ ਕੰਮਾਂ ਨੂੰ ਕਰਵਾਉਣ ਦੇ ਲਈ ਸਵੇਰ ਵੇਲੇ ਤੋਂ ਹੀ ਲੋਕਾਂ ਦਾ ਤਾਂਤਾ ਲੱਗਿਆ ਰਿਹਾ, ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਖੁਦ ਲੋਕਾਂ ਦੇ ਘਰ- ਘਰ ਜਾ ਕੇ ਉਹਨਾਂ ਦੇ ਕੰਮ ਕਰਨ ਦੇ ਲਈ ਵਚਨਬੱਧ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ'- ਆਪ ਦੀ ਸਰਕਾਰ ਲੋਕਾਂ ਦੇ ਦੁਆਰ- ਪ੍ਰੋਗਰਾਮ ਦੇ ਤਹਿਤ ਪਿੰਡਾਂ ਅਤੇ ਸ਼ਹਿਰਾਂ ਦੇ ਵਿੱਚ ਕੈਂਪ ਲਗਾਏ ਜਾ ਰਹੇ ਹਨ, ਜਿਸ ਦੇ ਤਹਿਤ ਅੱਜ ਪਿੰਡ ਨਾਨੂੰਮਾਜਰਾ ਅਤੇ ਸੁਖਗੜ ਵਿਖੇ ਲੋਕਾਂ ਦੇ ਰੋਜ਼ - ਮਰਾ ਦੇ ਕੰਮਾਂ ਨੂੰ ਕਰਨ ਦੇ ਲਈ ਕੈਂਪ ਲਗਾਏ ਗਏ ਹਨ, ਉਹਨਾਂ ਕਿਹਾ ਕਿ ਇਹ ਸਿਲਸਿਲਾ ਪਿਛਲੇ ਕਈ ਦਿਨਾਂ ਤੋਂ ਪੰਜਾਬ ਭਰ ਵਿੱਚ ਲਾਗੂ ਹੈ ਅਤੇ ਇਸ ਤਰ੍ਹਾਂ ਦੇ ਕੈਂਪਾਂ ਦੀ ਲਗਾਤਾਰਤਾ ਆਉਣ ਵਾਲੇ ਸਮੇਂ ਦੇ ਵਿੱਚ ਵੀ ਲਗਾਤਾਰ ਬਣੀ ਰਹੇਗੀ, ਤਾਂ ਕਿ ਲੋਕਾਂ ਨੂੰ ਆਪਣੇ ਕੰਮਾਂ ਨੂੰ ਕਰਵਾਉਣ ਦੇ ਲਈ ਸਰਕਾਰੀ ਦਫਤਰਾਂ ਦੇ ਵਿੱਚ ਹੁੰਦੀ ਖੱਜਲ-ਖੁਆਰੀ ਤੋਂ ਬਚਾਇਆ ਜਾ ਸਕੇ ਅਤੇ ਉਹਨਾਂ ਨੂੰ ਆਪਣਾ ਸਮਾਂ ਸਰਕਾਰੀ ਦਫਤਰਾਂ ਦੇ ਚੱਕਰ ਲਗਾਉਣ ਦੇ ਵਿੱਚ ਨਾ ਲੱਗੇ,



ਇਸ ਦੇ ਚਲਦੇ ਹੀ ਸਰਕਾਰ ਖੁਦ ਲੋਕਾਂ ਦੇ ਦੁਆਰ ਤੇ ਜਾ ਕੇ ਉਹਨਾਂ ਦੇ ਮਸਲੇ ਹੱਲ ਕਰ ਰਹੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਦੇਸ਼ ਵਿੱਚ ਲੋਕਤੰਤਰ ਨੂੰ ਬਚਾਉਣ ਦੇ ਲਈ ਇਤਿਹਾਸਿਕ ਫੈਸਲਾ ਦਿੱਤਾ ਹੈ। ਅਤੇ ਫਿਰ ਤੋਂ ਆਮ ਆਦਮੀ ਪਾਰਟੀ ਅਤੇ ਕਾਂਗਰਸ ਗਠਜੋੜ ਦਾ ਸਾਂਝਾ ਉਮੀਦਵਾਰ ਚੰਡੀਗੜ੍ਹ ਨਗਰ ਨਿਗਮ ਦਾ ਮੇਅਰ ਬਣ ਸਕਿਆ ਹੈ, ਉਹਨਾਂ ਕਿਹਾ ਕਿ ਲੋਕਾਂ ਦੁਆਰਾ ਚੁਣਿਆ ਗਿਆ ਉਮੀਦਵਾਰ ਹੀ ਲੋਕਾਂ ਦਾ ਨੁਮ- ’ਇੰਦਾ ਬਣ ਸਕਦਾ ਹੈ ਅਤੇ ਬਣਨਾ ਚਾਹੀਦਾ ਹੈ , ਚੰਡੀਗੜ੍ਹ ਨਗਰ ਨਿਗਮ ਦੇ ਮੇਅਰ ਦੀ ਚੋਣ ਦੇ ਸਬੰਧ ਵਿੱਚ ਮਾਨਯੋਗ ਸੁਪਰੀਮ ਕੋਰਟ ਦਾ ਫੈਸਲਾ ਸਲਾਹੁਣਯੋਗ ਹੈ, ਇਸ ਮੌਕੇ ਤੇ ਪਿੰਡ ਨਾਨੂ ਮਾਜਰਾ ਅਤੇ ਪਿੰਡ ਸੁਖਗੜ ਵਿਖੇ ਲੱਗੇ ਕੈਂਪਾਂ ਦੇ ਦੌਰਾਨ ਆਮ ਆਦਮੀ ਪਾਰਟੀ ਦੇ ਨੇਤਾ- ਕੁਲਦੀਪ ਸਿੰਘ ਸਮਾਣਾ, ਅਵਤਾਰ ਸਿੰਘ ਮੌਲੀ-ਬਲਾਕ ਪ੍ਰਧਾਨ, ਹਰਮੇਸ਼ ਸਿੰਘ ਕੁੰਭੜਾ, ਸਨੀ ਮੌਲੀ, ਸੁਮਿਤ ਸੋਢੀ, ਨਰਿੰਦਰ ਸਿੰਘ, ਸਿਮਰਦੀਪ ਸਿੰਘ, ਹਰਪਾਲ ਸਿੰਘ, ਬਲਜੀਤ ਸਿੰਘ ਹੈਪੀ ਵੀ ਹਾਜ਼ਰ ਸਨ।

# ਨਹਿਰੂ ਯੁਵਾ ਕੇਂਦਰ ਤੇ ਬਾਬਾ ਜੀਵਨ ਸਿੰਘ ਜੀ ਕਲੱਬ ਨੇ ਐੱਸ.ਐੱਨ.ਕਾਲਜ ਵਿੱਚ ਵੋਟਰ ਜਾਗਰੂਕਤਾ ਮੁਹਿੰਮ ਚਲਾਈ



ਨਵਾਂਸ਼ਹਿਰ, 21 ਫਰਵਰੀ (ਗਿਆਨ ਸਿੰਘ): ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਯੁਵਾ ਅਫ਼ਸਰ ਵੰਦਨਾ ਦੀ ਅਗਵਾਈ ਹੇਠ ਨਹਿਰੂ ਯੁਵਾ ਕੇਂਦਰ ਐੱਸ.ਬੀ.ਐੱਸ.ਨਗਰ ਅਤੇ ਬਾਬਾ ਜੀਵਨ ਸਿੰਘ ਜੀ ਵੈਲਫੇਅਰ ਯੂਥ ਕਲੱਬ ਵੱਲੋਂ ਐੱਸ.ਐੱਨ.ਕਾਲਜ ਬੰਗਾ ਵਿਖੇ ਵੋਟਰ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੌਕੇ ਕਾਲਜ ਪ੍ਰਿੰਸੀਪਲ ਤਰਸੇਮ ਸਿੰਘ ਭਿੰਡਰ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਚੰਗੇ ਨਾਗਰਿਕ ਹੋਣ ਦੇ ਨਾਤੇ ਸਾਨੂੰ ਆਪਣੀ ਵੋਟ ਦੀ ਸੁਚੱਜੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਸਾਨੂੰ ਆਪਣੇ ਦੇਸ਼ ਨੂੰ ਅੱਗੇ ਲੈ ਕੇ ਜਾਣਾ ਚਾਹੀਦਾ ਹੈ । ਜ਼ਿਲ੍ਹਾ ਚੋਣ ਦਫ਼ਤਰ ਤੋਂ ਆਏ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਸਤਨਾਮ ਸਿੰਘ ਅਤੇ ਗੁਰਮੀਤ ਸਿੰਘ ਬੀ.ਐਲ.ਓ ਨੇ ਵਿਦਿਆਰਥੀਆਂ ਨੂੰ ਵੋਟ ਰਜਿਸਟ੍ਰੇਸ਼ਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਦਾ ਮੁੱਖ ਮੰਤਵ ਨੌਜਵਾਨਾਂ ਵਿੱਚ ਵੋਟਰਾਂ ਪ੍ਰਤੀ ਜਾਗਰੂਕਤਾ ਫੈਲਾਉਣਾ ਅਤੇ ਉਨ੍ਹਾਂ ਨੂੰ ਜਾਗਰੂਕ ਕਰਨਾ । ਇਸ ਮੌਕੇ ਕੀਰਤੀ ਕਾਂਤ ਕਲਿਆਣ ਵੱਲੋਂ ਵੋਟਰ ਮਹੱਤਤਾ ਦੀ ਸੋਹ ਚੁੱਕਾਈ ਗਈ ਤਾਂ ਜੋ ਅਸੀਂ ਆਪਣੀ ਵੋਟ ਦਾ ਸਹੀ ਇਸਤੇਮਾਲ ਕਰ ਸਕੀਏ। ਪ੍ਰੋਗਰਾਮ ਦੌਰਾਨ ਕਾਲਜ ਦੇ ਪ੍ਰਿੰਸੀਪਲ ਦੁਆਰਾ ਹਸਤਾਕਸ਼ਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਅਤੇ ਸਟਾਫ਼ ਅਤੇ ਸਮੂਹ ਵਿਦਿਆਰਥੀਆਂ ਨੇ ਆਪਣੇ ਦਸਤਖ਼ਤ ਕਰਨ ਚ ਵੱਧ ਚੜ ਕੇ ਹਿੱਸਾ ਲਿਆ ਅਤੇ ਵੋਟਰ ਜਾਗਰੂਕਤਾ ਸਬੰਧੀ ਕਰਵਾਏ ਗਏ ਡਰਾਇੰਗ ਮੁਕਾਬਲੇ 'ਚ ਆਪਣੇ ਜੌਹਰ ਦਿਖਾਏ ਪ੍ਰੋਗਰਾਮ ਦੇ ਅੰਤ 'ਚ ਸਾਰੇ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ ।







## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**






# ਪ੍ਰੋਫੈਸਰ ਪੂਰਨ ਸਿੰਘ ਨੂੰ ਯਾਦ ਕਰਦਿਆਂ...





ਪ੍ਰੋਫੈਸਰ ਪੂਰਨ ਸਿੰਘ
ਮੈਂ ਢਾਡੀ ਉੱਚੇ, ਆਲੀਸ਼ਾਨ , ਗੁਰੂ
ਨਾਨਕ ਕਰਤਾਰ ਦਾ।

ਗੁਰੂ ਨਾਨਕ ਸਾਹਿਬ ਦੇ ਦਰ ਘਰ ਦੇ ਖਿਦਮਤਦਾਰ ਪ੍ਰੋਫੈਸਰ ਪੂਰਨ ਸਿੰਘ ਵਰਗੇ ਵਿਰਲੇ ਹੀ ਵੇਖਣ ਨੂੰ ਮਿਲਦੇ ਹਨ। ਅਲਬੇਲਾ ਕਵੀ, ਉਚ ਕੋਟੀ ਦਾ ਵਾਰਤਾਕਾਰ, ਸਫਲ ਵਿਗਿਆਨੀ, ਧਰਮ ਵੇਤਾ, ਉਤਮ ਅਨੁਵਾਦਕ, ਚਿੰਤਕ, ਸੁਹਜ ਕਲਾਵਾਂ ਦਾ ਪ੍ਰੇਮੀ, ਪ੍ਰੋ.ਪੂਰਨ ਸਿੰਘ ਦਾ ਜਨਮ 17 ਫਰਵਰੀ 1881 ਨੂੰ ਸਰਦਾਰ ਕਰਤਾਰ ਸਿੰਘ ਕਾਨੂੰਗੋ ਦੇ ਘਰ ਮਾਤਾ ਪਰਮਾਦੇਵੀ ਦੀ ਕੁੱਖੋਂ, ਐਬਟਾਬਾਦ ਜ਼ਿਲ੍ਹੇ ਦੇ ਛੋਟੇ ਜਿਹੇ ਪਿੰਡ ਸਲਹੱਡ ਵਿੱਚ ਹੋਇਆ । ਮਾਤਾ ਜੀ ਦੀ ਧਾਰਮਿਕ ਸਖਸ਼ੀਅਤ, ਉੱਚ ਆਚਰਣ, ਸੁਹਜ ਸਿਆਣਪ ਦਾ ਅਸਰ ਪ੍ਰੋ.ਪੂਰਨ ਸਿੰਘ ਤੇ ਬੜਾ ਡੂੰਘਾ ਪਿਆ। ਪਿਤਾ ਦੀ ਸਰਕਾਰੀ ਮੁਲਾਜਮਤ ਕਾਰਨ ਹੁੰਦੀਆਂ ਬਦਲੀਆਂ ਨਾਲ ਬਚਪਨ ਵਿੱਚ ਹੀ ਸਾਰਾ ਗੰਧਾਰ ਦੇਸ਼ ਵੇਖ ਲਿਆ।

1886 ਵਿੱਚ ਹਵੇਲੀਆਂ ਪਿੰਡ ਵਿਚ ਆ ਵੱਸੇ। ਇਥੇ ਹੀ ਗੁਰਦੁਆਰੇ ਦੇ ਭਾਈ ਬੇਲਾ ਸਿੰਘ ਕੋਲੋਂ ਗੁਰਮੁਖੀ ਤੇ ਮਸੀਤ ਦੀ ਮੌਲਵੀ ਜੀ ਪਾਸੋਂ ਫਾਰਸੀ ਪੜ੍ਹਨੀ ਸ਼ੁਰੂ ਕੀਤੀ। ਫਿਰ ਇਹ 1890 ਵਿੱਚ ਹਰੀਪੁਰ ਆ ਗਏ। ਇਥੇ ਐਂਗਲੋ ਮਿਡਲ ਸਕੂਲ ਵਿਚੋਂ ਮਿਡਲ ਪਾਸ ਕੀਤੀ। ਇਥੇ ਸਕੂਲ ਦਾ ਮੁਖੀ ਇਸਾਈ ਸੀ। ਜੇ ਇਹ ਕਹਿ ਲਈਏ ਤਾਂ ਅਤਿ ਕਥਨੀ ਨਹੀਂ ਹੋਵੇਗੀ ਕਿ ਉਹਨਾਂ ਨੇ ਉਮਰ ਦੇ ਇਸ ਪੜਾਅ ਤੱਕ ਤਿਨ ਤਹਿਜੀਬਾਂ ਨੂੰ ਬਹੁਤ ਨੇੜੇ ਤੋਂ ਸਮਝਿਆ।

ਪ੍ਰੋਫੈਸਰ ਪੂਰਨ ਸਿੰਘ

1895 ਵਿੱਚ ਰਾਵਲਪਿੰਡੀ ਮਿਸ਼ਨ ਸਕੂਲ ਤੋਂ ਦਸਵੀਂ ਪਾਸ ਕੀਤੀ। ਇਥੇ ਹੀ ਉਹਨਾਂ ਦੇ ਪਰਿਵਾਰ ਵਿੱਚ ਵਾਪਰੀ ਇਕ ਘਟਨਾ ਨੇ ਇਹਨਾਂ ਦੇ ਕੋਮਲ ਮਨ ਵਿਚ ਇਸਤਰੀ ਜਾਤੀ ਲਈ ਅਥਾਹ ਹਮਦਰਦੀ ਭਰ ਦਿੱਤੀ, ਇਹਨਾਂ ਨੂੰ ਹਰੇਕ ਇਸਤਰੀ ਦਾ ਚਿਹਰਾ ਬੜਾ ਹੀ ਮਾਸੂਮ, ਨਾਜ਼ੁਕ ਤੇ ਮਜ਼ਲੂਮ ਨਜ਼ਰ ਆਇਆ, ਜੋ ਉਹਨਾਂ ਦੀ ਲਿਖਤ ਵਿੱਚ ਝਲਕਦਾ ਹੈ। ਅਗਲੀ ਪੜ੍ਹਾਈ ਲਈ ਡੀ.ਏ.ਵੀ ਕਾਲਜ ਲਾਹੌਰ ਦਾਖਲਾ ਲਿਆ। ਇਹ ਬਹੁਤ ਅਸਾਧਾਰਨ ਬੁੱਧੀ ਦੇ ਮਾਲਕ ਸਨ । ਇਕ ਪਾਸੇ ਵਿ-ਗਆਨ ਪੜ੍ਹਦੇ ਤੇ ਦੂਜੇ ਪਾਸੇ ਸੰਸਕ੍ਰਿਤ। 1900 ਵਿੱਚ ਜਪਾਨ ਦੇ ਸ਼ਹਰ ਟੋਕੀਓ ਦੀ ਇੰਪੀਰੀਅਲ ਯੂਨੀਵਰਸਿਟੀ ਵਿੱਚ ਫ਼ਾਰਮਾਸਿਊਟੀਕਲ ਕੈਮਿਸਟਰੀ ਦੀ ਪੜਾਈ ਲਈ ਦਾਖਲਾ ਲਿਆ। ਇਥੇ ਜਾਪਾਨੀ ਤੇ ਜਰਮਨ ਭਾਸ਼ਾ ਤੇ ਆਬੂਰ ਹਾਸਲ ਕੀਤਾ।

ਪ੍ਰੋ.ਪੂਰਨ ਸਿੰਘ ਇੱਕਲਾ ਵਿਗਿਆਨੀ ਥੋੜਾ ਸੀ ,ਉਸਦਾ ਕੋਮਲ ਹਿਰਦਾ ਧਰਮ, ਚਿੰਤਨ , ਵਿਸ਼ਵ ਫਲਸਫ਼ੇ ਪ੍ਰਤੀ ਬੜਾ ਸੁਹਜ ਸੀ। ਜਾਪਾਨ ਵਿੱਚ ਬੁਧ ਧਰਮ ਦੀ ਛੁਹ ਤੋਂ ਪ੍ਰਭਾਵਿਤ ਹੋ ਕੇ , ਘੋਨ ਮੋਨ ਹੋ ਵੈਰਾਗ ਅਵਸਥਾ ਵਿੱਚ 'ਬੁਧ ਸ਼ਰਣੰ ਗੱਛਾਮਿ' ਦਾ ਜਾਪ ਕਰਨ ਲੱਗੇ। ਆਪ ਦੀ ਉੱਚ ਅਵਸਥਾ ਤੋਂ ਪ੍ਰਭਾਵਿਤ ਹੋ ਕੇ ਇਕ ਬੁਧ ਮੰਦਰ ਦੇ ਪੁਜਾਰੀ ਨੇ ਆਪ ਨੂੰ ਮੰਦਰ , ਜਾਗੀਰ ਆਦਿ ਗ੍ਰਹਿਣ ਕਰਨ ਲਈ ਆਖਿਆ ਤਾਂ ਆਪ ਨੇ ਬਹੁਤ ਪ੍ਰੇਮ ਪੂਰਵਕ ਇਸ ਪੇਸ਼ਕਸ਼ ਨੂੰ ਠੁਕਰਾ ਦਿੱਤਾ। ਆਪ ਦੀ ਮਹੱਤਤਾ ਇਥੋਂ ਹੀ ਜਾਣੀ ਜਾ ਸਕਦੀ ਹੈ , ਕਿ ਇਹਨਾਂ ਦਿਨਾਂ ਵਿੱਚ ਹੀ ਓਰੀਐਂਟਲ ਕਲੱਬ ਵਿਚ ਭਾਰਤੀ ਸੰਸਕ੍ਰਿਤੀ ਅਤੇ ਆਜ਼ਾਦੀ ਬਾਰੇ ਆਪ ਦੇ ਉਚੇਚੇ ਭਾਸ਼ਣ ਕਰਵਾਏ ਜਾਂਦੇ।

ਜਾਪਾਨ ਦੇ ਮਹਾਨ ਫਿਲਾਸਫਰ ਉਕਾਕੂਰਾ ਨੇ ਆਪ ਨੂੰ ਉਚੇਚ ਨਾਲ ਆਪਣੇ ਘਰ ਬੁਲਾਇਆ । ਆਪ ਦਾ ਦੋਸਤ ਬਣ ਗਿਆ। ਜਾਪਾਨ ਦੇ ਵਿਦ-ਵਾਨ ਤੇ ਸਾਇੰਸਵੇਤਾ ਨੋਹਾਚੀ, ਹੀਰਾਏ ਉਚੀਗਾਰਾ ਆਪ ਦੇ ਦੋਸਤਾਂ ਵਿੱਚ ਸਨ। ਇਥੇ ਹੀ ਇਕ ਦਿਨ ਹਿੰਦੁਸਤਾਨੀ ਜਾਪਾਨੀ ਕਲੱਬ ਵਿੱਚ 'ਸੁਆਮੀ ਰਾਮ ਤੀਰਥ' ਨਾਲ ਬੋਧੀ ਭਿਕਸ਼ੂ ਬਣੇ ਪੂਰਨ ਸਿੰਘ ਦਾ ਮਿਲਾਪ ਹੋ ਗਿਆ। ਇਹਨਾਂ ਦੀ ਸੰਗਤ ਨੇ ਬੋਧੀ ਤੋਂ ਵੇਦਾਂਤੀ ਸਾਧੂ ਬਣਾ ਦਿੱਤਾ । ਗੇਰੂ ਰੰਗ ਦੇ ਬਸਤਰ ਧਾਰਨ ਕਰ ਲਏ। ਇਕ ਬੰਨੇ ਲੈਬਾਰਟਰੀ ਵਿੱਚ ਕੈਮਿਸਟਰੀ ਦੇ ਪ੍ਰਯੋਗ ਕਰਦੇ ਤਾਂ ਦੂਜੇ ਬੰਨੇ ਜਾਪਾਨੀ ਤੇ ਭਾਰਤੀ ਲੋਕਾਂ ਨੂੰ ਆਜ਼ਾਦੀ ਤੇ ਪੂਰਬੀ ਫਲਸਫੇ ਤੋਂ ਜਾਣੂ ਕਰਵਾਉਣ ਲਈ 'ਥੰਡਰਿੰਗ ਡਾਅਨ' ਨਾਮ ਦਾ ਰਸਾਲਾ ਵੀ ਕੱਢ ਰਹੇ ਸਨ।

1903 ਈਸਵੀ ਵਿੱਚ ਪੂਰਨ ਸਿੰਘ ਵੇਦਾਂਤੀ ਸੰਨਿਆਸੀ ਸਾਧੂ ਦੇ ਰੂਪ ਵਿੱਚ ਵਾਪਸ ਕਲਕੱਤੇ ਆ ਗਏ। ਜਦ ਪਿਓ ਨੇ ਆਪਣੇ ਪੁਤ ਨੂੰ ਇਸ ਰੂਪ ਵਿੱਚ ਵੇਖਿਆ ਤਾਂ ਡਾਅਢੇ ਦੁਖੀ ਹੋਏ। ਹੋਈ ਮਾਂ ਵੀ ਬਹੁਤ ਦੁਖੀ, ਪਰ ਪੁਤ ਨੂੰ ਵੇਖ ਧਰਵਾਸ ਵੀ ਸੀ । ਇਸ ਸਮੇਂ ਪ੍ਰੋ.ਪੂਰਨ ਸਿੰਘ ਨੇ ਇਸ ਮਿਲਣੀ ਨੂੰ ਕੋਈ ਉਚੇਚਾ ਮਹੱਤਵ ਨ ਦਿੱਤਾ , ਕਿਉਂਕਿ ਸੰਨਿਆਸੀ ਬ੍ਰਿਤੀ ਭਾਰੂ ਸੀ , ਜਿਸਦਾ ਉਹਨਾਂ ਨੂੰ ਸਾਰੀ ਉਮਰ ਬਾਅਦ ਵਿਚ ਅਫ਼ਸੋਸ ਰਿਹਾ। ਮਾਂ ਆਪਣੇ ਪੁਤ ਨੂੰ ਨਾਲ ਲੈ ਕੇ ਆਈ ਘਰ, ਉਧਰ ਇਹਨਾਂ ਦੀ ਭੈਣ ਗੰਗਾ ਆਖ਼ਰੀ ਸਾਹਾਂ ਤੇ ਪਈ ਹੋਈ ਸੀ । ਆਪ ਨੇ ਉਸਦਾ ਸਿਰ ਆਪਣੀ ਗੋਦ ਵਿੱਚ ਲੈ ਕੇ ਪੁਛਿਆ , " ਗੰਗਾ! ਕੀ ਮੈਂ ਤੇਰੀ ਕੋਈ ਚਾਹ ਪੂਰੀ ਕਰ ਸਕਦਾ ਹਾਂ?" ਉਸਨੇ ਆਖਿਆ , " ਭਾਪਾ! ਜਿਸ ਕੁੜੀ ਨਾਲ ਤੂੰ ਮੰਗਿਆ ਹੋਇਆ ਹੈਂ ਉਸ ਨਾਲ ਵਿਆਹ ਕਰਵਾ ਲਈਂ।" ਪੂਰਨ ਸਿੰਘ ਹੁਣਾ ਦੇ ਹਾਂ ਕਹਿਣ ਦੀ ਦੇਰ ਸੀ ਕਿ ਗੰਗਾ ਸਦਾ ਲਈ ਅੱਖਾਂ ਮੀਟ ਗਈ। 1904 ਵਿੱਚ ਆਪ ਦਾ ਵਿਆਹ ਮਾਯਾ ਦੇਵੀ ਨਾਲ ਹੋਇਆ।

ਭੈਣਾਂ ਦੇ ਪਿਆਰ , ਮਾਤਾ ਦੀ ਤੜਫ ਤੇ ਪਤਨੀ ਦੇ ਮੋਹ ਨੇ ਸੰਨਿਆਸੀ ਰੰਗ ਨੂੰ ਫਿਕਾ ਕਰਨਾ ਸ਼ੁਰੂ ਕਰ ਦਿੱਤਾ ਸੀ। ਜਜ਼ਬਾਤੀ ਬਹੁਤ ਸਨ , ਸੰਨਿਆਸੀ ਦਾ ਤ੍ਰਿਸਕਾਰ ਬਰਦਾਸ਼ਤ ਨਹੀਂ ਕਰ ਸਕਦੇ ਸਨ, ਕੋਮਲਚਿਤ ਇੰਨੇ ਸਨ ਕਿ ਇਕ ਵਾਰ ਸ਼ਿਕਾਰੀ ਟੋਕਰੀ ਤੇ ਜਾਲੀ ਵਿੱਚ ਫਾਹੀਆਂ ਚਿੜੀਆਂ ਨੂੰ ਛੱਡਣ ਲਈ 30 ਰੁਪਏ ਤੱਕ ਦਿੰਦੇ ਹਨ ਤੇ ਚਿੜੀਆਂ ਦੇ ਆਸਮਾਨ ਵਿੱਚ ਉਡਾਰੀ ਭਰਨ ਤੇ ਬਹੁਤ ਖੁਸ਼ ਹੁੰਦੇ ਹਨ। 1906 ਤੱਕ ਵਿਕਟੋਰੀਆ ਡਾਇਮੰਡ ਜੁਬਲੀ ਹਿੰਦੂ ਕਾਲਜ ਦੇ ਪ੍ਰਿੰਸੀਪਲ ਰਹੇ। ਫਿਰ ਦੇਹਰਾਦੂਨ ਵਿੱਚ ਸਰਕਾਰ ਦੇ ਫ਼ੋਰੈਸਟ ਰੀਸਰਚ ਇਨਸਟੀਚਿਊਟ ਵਿਖੇ ਰਸਾਇਣੀ ਸਲਾਹਕਾਰ ਲੱਗ ਗਏ। ਇਸ ਸਮੇਂ ਵਿਚ ਉਹਨਾਂ ਦਾ ਮੇਲ ਪ੍ਰਸਿੱਧ ਗਾਇਕ ਵਿਸ਼ਨੂੰ ਦਿਗੰਬਰ, ਸ਼ਾਇਰ ਸਰ ਇਕਬਾਲ , ਡਾ.ਖ਼ੁਦਾਦਾਦ , ਪੰਡਿਤ ਹਰਦਿਆਲ ਆਦਿ ਨਾਲ ਹੋਇਆ । ਇਹ ਸਾਂਝ ਉਮਰਾਂ ਤੋੜੀ ਨਿਭੀ।

1912 ਵਿੱਚ ਸਿਆਲਕੋਟ ਵਿਖੇ ਸਿੱਖ ਐਜੂਕੇਸ਼ਨਲ ਕਾਨਫਰੰਸ ਵਿਚ ਸ਼ਾਮਲ ਹੋਣ ਲਈ ਸੰਨਿਆਸੀ ਪੂਰਨ ਸਿੰਘ ਹੁਣੀ ਵੀ ਪੁੱਜੇ। ਇਥੇ ਹੀ ਆਪ ਦਾ ਪਹਿਲੀ ਵਾਰ ਮਿਲਾਪ ਸਿੱਖੀ ਵਹਿੜੇ ਦੇ ਸ਼ਾਨ ਭਾਈ ਵੀਰ ਸਿੰਘ ਨਾਲ ਹੋਇਆ । ਪੂਰਨ ਸਿੰਘ ਨੂੰ ਭਾਈ ਵੀਰ ਸਿੰਘ ਦੀ ਸਖਸ਼ੀਅਤ ਨੇ ਟੁੰਬਿਆ । ਤਕਰੀਬਨ ਛੇ ਘੰਟੇ ਇਕੋ ਕਮਰੇ ਵਿੱਚ ਵੇਦਾਂਤ ਤੇ ਗੁਰ-ਮਤਿ ਉਪਰ ਦੋ ਰੂਹਾਂ ਵਿਚ ਹੋਈ ਵਾਰਤਾ ਤੋਂ ਬਾਅਦ ਜਦ ਬੂਹਾ ਖੁਲਿਆ ਤਾਂ ਗੇਰੂ ਬਸਤਰ ਉਤਾਰ ਪੂਰਨ ਸਿੰਘ ਦੁਬਾਰਾ ਪੂਰਾ ਹੋ , ਭਾਈ ਵੀਰ ਸਿੰਘ ਹੁਣਾ ਦੀ ਛੋਹ ਸਦਕਾ ਸਿੱਖੀ ਆਭਾ ਮੰਡਲ ਵਿੱਚ ਪ੍ਰਵੇਸ਼ ਕੀਤਾ ।

ਸਹੀ ਅਰਥਾਂ ਵਿਚ ਹੁਣ ਉਹ 'ਪੂਰਨ' ਵੀ ਸਨ ਤੇ 'ਸਿੰਘ' ਵੀ। ਇਸ ਥਾਂ ਤੋਂ ਗੁਰੂ ਨਾਲ ਇਕ ਮਿਕ ਹੋਣ ਦੇ ਸ਼ੁਰੂ ਹੋਏ ਸਫ਼ਰ ਨੇ ਉਹਨਾਂ ਨੂੰ ਉਸ ਸਿਖਰ ਤੇ ਲੈ ਆਂਦਾ ਜਿੱਥੇ, ਖਾਲਸਾ ਮੇਰੋ ਰੂਪ ਹੈ ਖਾਸ ਹੋ ਜਾਈਦਾ ਹੈ। ਇਹਨਾਂ ਦਿਨਾਂ ਵਿੱਚ ਹੀ ਸਿੱਖ ਧਰਮ, ਤੇ ਗੁਰੂ ਗੋਬਿੰਦ ਸਿੰਘ ਜੀ ਪ੍ਰਤੀ ਰਬਿੰਦਰ ਨਾਥ ਟੈਗੋਰ ਦੀਆਂ ਮਾਡਰਨ ਰਵੀਊ ਵਿਚਲੀਆਂ ਘਟੀਆ ਟਿੱਪਣੀਆਂ ਦਾ ਠੋਕ ਵਜਾ ਕੇ ਜਵਾਬ ਦਿੱਤਾ।

ਜੇ ਇਹ ਕਹਿ ਲਿਆ ਜਾਵੇ ਤਾਂ ਦਰੁਸਤ ਹੈ ਕਿ ਆਪ ਨੂੰ ਗੁਰੂ ਬਾਬੇ ਦੀ ਉਹ ਆਸੀਸ ਹਾਸਲ ਸੀ , ਜਿਸਦਾ ਜ਼ਿਕਰ ਜਨਮ ਸਾਖੀ ਵਿਚ 'ਉਜੜ ਜਾਉ' ਦੇ ਰੂਪ ਵਿਚ ਆਉਦਾ ਹੈ ਤਾਂ ਕਿ ਚੰਗਿਆਈਆ ਫੈਲਦੀ ਰਹੇ। ਆਪ ਕਦੀ ਵੀ ਇਕ ਥਾਂ ਟਿਕ ਨਹੀਂ ਬੈਠੇ। 1918 ਵਿੱਚ ਪਟਿਆਲੇ ,1919 ਤੋਂ 1923 ਤੱਕ ਗਵਾਲੀਅਰ ਰਿਆਸਤ ਅਤੇ 1926 ਈਸਵੀ ਵਿਚ ਕਸ਼ਮੀਰ ਦੇ ਮਹਾਰਾਜਾ ਪਾਸ ਨੌਕਰੀ ਕੀਤੀ।

ਪਰ ਮਾਹੌਲ ਰਾਸ ਨਾ ਆਉਣ ਕਾਰਨ ਆਪ ਅਗਲੇ ਸਫਰ 'ਤੇ ਤੁਰ ਪੈਂਦੇ। ਉਹ ਦੁਨਿਆਵੀ ਚੁਸਤੀਆਂ, ਚਲਾਕੀਆਂ, ਗਰਜਾ ਤੋ ਅਭਿੱਜ ਸਨ, ਨਿਰਵਾਣ ਤੱਕ ਪੁੱਜੀ ਹੋਈ ਰੂਹ। 1926 ਈਸਵੀ ਵਿੱਚ ਚੱਕ ਨੰਬਰ 73/19 ਜੜ੍ਹਾਂ ਵਾਲੇ, 15 ਮੁਰੱਬੇ ਲੈ ਕੇ ਰੋਸ਼ਾ ਘਾਹ ਬੀਜ ਕੇ ਤੇਲ ਕੱਢਣ ਦੀ ਸਕੀਮ ਬਣਾਈ । ਇਸ ਸਾਰੇ ਉਪਰ ਬਹੁਤ ਮਿਹਨਤ ਕੀਤੀ । ਪਰ ਰੱਬ ਦੀ ਕਰਨੀ, ਹੜ ਆਇਆ ਤੇ ਸਾਰੇ ਘਰ ਨੂੰ ਰੋੜ ਕੇ ਲੈ ਗਿਆ। ਕੇਵਲ ਆਪਣੀਆਂ ਲਿਖਤਾਂ ਤੇ ਪੁਸਤਕਾਂ ਦੇ ਭਰੇ ਟਰੰਕ ਨੂੰ ਉਚੀ ਥਾਂ ਤੇ ਸੰਭਾਲ ਕੇ ,ਇਸ ਸਾਰੇ ਉਜਾੜੇ ਨੂੰ ਵੇਖ ਕੇ ਮੁਰਝਾਉਣ ਦੀ ਬਜਾਇ, ਮੁਸਕਰਾ ਕੇ ਕਹਿਣ ਲੱਗੇ:-

ਭਲਾ ਹੋਇਆ ਮੇਰਾ ਚਰਖ਼ਾ ਟੁੱਟਾ
ਜਿੰਦ ਅਜ਼ਾਬੋ ਛੁਟੀਂ !

ਬਾਰ ਦੇ ਜੰਗਲਾਂ ਵਿਚ ਪ੍ਰੋਫੈਸਰ ਪੂਰਨ ਸਿੰਘ ਨੂੰ ਤਪਦਿਕ ਦੀ ਬਿਮਾਰੀ ਨੇ ਆਣ ਘੇਰਿਆ । ਇਲਾਜ ਵਾਸਤੇ ਇਹਨਾਂ ਨੂੰ ਦੇਹਰਾਦੂਨ ਲਿਆਂਦਾ ਗਿਆ। ਇਥੇ ਹੀ ਪੂਰਬ ਪੱਛਮ ਦਾ ਸੁਮੇਲ ਕਰਨ ਵਾਲਾ ਇਹ ਮਹਾਨ ਪੁਰਖ 31 ਮਾਰਚ 1931ਨੂੰ ਇਸ ਦੁਨੀ ਸੁਆਵੇ ਬਾਗ ਵਿਚੋਂ ਰੁਖਸਤ ਹੋ ਗਿਆ। ਇਹ ਖ਼ਬਰ ਜਦੋਂ ਭਾਈ ਵੀਰ ਸਿੰਘ ਹੁਣਾ ਨੂੰ ਮਿਲੀ ਤਾਂ ਉਹਨਾਂ ਦੇ ਬੋਲ ਸਨ ;

ਤੇਰੇ ਸੁਰਤ ਉਛਾਲੇ ਤੈਨੂੰ ਖਿਦੂ ਜਿਉਂ
ਥੁੜਕਾਵਨ,
ਫ਼ਰਸ਼ੋਂ ਚੁਕ ਅਰਸ਼ ਵੱਲ ਤੇਰੇ ਹੰਭਲੇ
ਪਏ ਮਰਾਵਨ।
ਕਿਸੇ ਉਛਾਲੇ ਸਮੇਂ ਅਰਸ਼ ਦੇ ਆ ਗਈ
ਹਥ ਕਲਾਈ,
ਖਿਚ ਉਤਾਂਹ ਲਿਆ ਤੁਧੇ ਨੂੰ ਬਾਗ਼
ਆਪਣੇ ਲਾਵਨ।

ਕਹਿੰਦੇ ਨੇ ਜਦੋਂ ਪ੍ਰੋਫੈਸਰ ਪੂਰਨ ਸਿੰਘ ਹੁਣਾ ਨੇ ਸਵਾਸ ਛੱਡੇ ਤਾਂ ਪੰਥ ਦੇ ਮਹਾਨ ਸੇਵਕ ਭਾਈ ਰਣਧੀਰ ਸਿੰਘ ਦਿੱਲੀ ਰਕਾਬਗੰਜ ਗੁਰਦੁਆਰੇ ਕੀਰਤਨ ਦੀ ਹਾਜ਼ਰੀ ਭਰ ਰਹੇ ਸਨ। ਅਚਾਨਕ ਆਪ ਨੇ ਵਾਜਾ ਛੱਡਿਆ ਤੇ ਖੜੋ ਕੇ ਅਰਦਾਸ ਕਰੀ ਗਏ। ਕੀਰਤਨ ਚੱਲਦਾ ਰਿਹਾ । ਜਦੋਂ ਸਮਾਪਤੀ ਤੇ ਸੰਗਤ ਨੇ ਕੀਰਤਨ ਵਿੱਚ ਖੜੇ ਹੋਣ ਦਾ ਕਾਰਨ ਪੁਛਿਆ ਤਾਂ ਆਪ ਕਹਿਣ ਲੱਗੇ ਕਿ ਪ੍ਰੋਫੈਸਰ ਪੂਰਨ ਸਿੰਘ ਹੁਣੀ ਪੂਰੇ ਹੋ ਗਏ ਹਨ, ਅਸੀਂ ਸਰੀਰਿਕ ਰੂਪ ਵਿਚ ਭਾਂਵੇ ਕਦੇ ਨਹੀਂ ਮਿਲੇ , ਪਰ ਰੂਹਾਂ ਦਾ ਮਿਲਾਪ ਹਮੇਸ਼ਾ ਰਿਹਾ।

ਪ੍ਰੋਫੈਸਰ ਪੂਰਨ ਸਿੰਘ ਰਹਿੰਦੀ ਦੁਨੀਆਂ ਤੱਕ ਆਪਣੀਆਂ ਲਿਖਤਾਂ ਦੇ ਜ਼ਰੀਏ ਅਮਰ ਰਹਿਣਗੇ ਤੇ ਆਤਮ ਜਗਿਆਸੂਆਂ ਦੀ ਅਗਵਾਈ ਕਰਦੇ ਰਹਿਣਗੇ । ਉਹਨਾਂ ਦੀਆਂ ਲਿਖਤਾਂ ਅੰਗਰੇਜ਼ੀ , ਪੰਜਾਬੀ ਜ਼ੁਬਾਨ ਵਿੱਚ ਛਪੀਆਂ ਤੇ ਖਰੜਿਆਂ ਦੇ ਰੂਪ ਵਿੱਚ ਪਈਆਂ ਹਨ।

ਬਲਦੀਪ ਸਿੰਘ ਰਾਮੂੰਵਾਲੀਆ







# ਪੰਥ ਸੁਰਤਿ ਦਾ ਸ਼ਾਹੁ ਜਰਨੈਲ: ਜਥੇਦਾਰ ਸਿਰਦਾਰ ਸ਼ਾਮ ਸਿੰਘ ਨਾਰਲਾ




ਆਪਣੇ ਪੁਰਖਿਆਂ ਦੀਆਂ ਬਾਤਾਂ ਨੂੰ ਭੁੱਲ ਜਾਣ ਵਾਲੀਆਂ ਕੌਮਾਂ ਕਿਸੇ ਘਰ ਘਾਟ ਦੀਆਂ ਨਹੀਂ ਰਹਿੰਦੀਆ। ਪੁਰਖਿਆਂ ਦੀ ਬਾਤ ਹੀ ਉਹਨਾਂ ਨੂੰ ਜੀਵਨ ਜਾਚ, ਸਮਾਜ ਵਿਚ ਸਿਰ ਚੁੱਕਣਾ ਤੇ ਅਡੋਲ ਰਹਿਣਾ ਸਿਖਾਉਂਦੀ ਹੈ।

ਬਾਤ ਦਾ ਸਾਡੇ ਜੀਵਨ ਵਿਚ ਬਹੁਤ ਹੀ ਖਾਸ ਮਹੱਤਵ ਹੈ। ਮਾਂ/ਦਾਦੀ ਦੀ ਬੁੱਕਲ ਚ ਬੈਠੇ-ਬੈਠੇ ਬਾਤਾਂ ਸੁਣਦੇ ਹੋਏ ਆਪਣੇ ਪੁਰਖਿਆਂ ਬਾਰੇ ਸਹਿਜ ਭਾਅ ਹੀ ਚੰਗੀ ਤਰ੍ਹਾਂ ਜਾਣ ਲੈਂਦੇ ਸਾਂ। ਪਹਿਲਾਂ ਮਾਵਾਂ ਵੀ ਆਪਣੇ ਪੁਰਖਿਆਂ ਦੀਆਂ ਸਾਖੀਆਂ ਕੰਠ ਕਰ ਆਪਣੇ ਬੱਚਿਆਂ ਨੂੰ ਸੁਣਾਉਂਦੀਆਂ ਤੇ ਉਹਨਾਂ ਦੀ ਸਖਸ਼ੀਅਤ ਨੂੰ ਬੁੱਤ ਘਾੜੇ ਵਾਂਗ ਚੰਗੀ ਤਰ੍ਹਾਂ ਘੜਦੀਆਂ ਸਨ। ਪਰ ਹੌਲੀ ਹੌਲੀ ਇਹ ਵਿਰਾਸਤ ਅਲੋਪ ਹੁੰਦੀ ਜਾ ਰਹੀ ਹੈ। ਮਾਵਾਂ ਵੀ ਪਦਾਰਥ 'ਚ ਖਚਤ ਹੋ ਆਪਣੇ ਵਿਰਸੇ ਨਾਲੋਂ ਟੁੱਟਦੀਆਂ ਜਾ ਰਹੀਆਂ ਨੇ, ਤੇ ਅੱਗੇ ਬਾਤ ਕਿੰਝ ਤੁਰੇਗੀ ਇਹ ਵੱਡਾ ਸਵਾਲ ਹੈ??

ਆਪਾਂ ਗੱਲ ਬਾਤ ਦੀ ਕੇ ਰਹੇ ਸੀ। ਬਾਤ ਇਕ ਅਣਮੁੱਲਾ ਖ਼ਜ਼ਾਨਾ ਹੈ, ਜੋ ਆਉਣ ਵਾਲੀਆਂ ਨਸਲਾਂ ਨੂੰ ਦੁਨੀਆਂ ਤੇ ਵਿਚਰਨਾਂ ਸਿਖਾਉਂਦਾ ਹੈ। ਸਾਡੇ ਸਮਾਜ ਵਿਚ ਅਜੋਕੇ ਸਮੇਂ ਵਿਚ ਪੱਛਮੀ ਅਕਾਦਮਿਕਤਾ ਦੀ ਰੀਸ ਕਰਦਿਆਂ ਪੁਰਖਿਆਂ ਦੀਆਂ ਸਾਖੀਆਂ/ਬਾਤਾਂ ਨੂੰ ਲਿਖਤੀ ਰੂਪ ਵਿਚ ਸਾਂਭਣ ਲਈ ਜੋ ਸੰਦੂਕੜੀ ਵਰਤੀ ਜਾ ਰਹੀ ਹੈ, ਉਸ ਦਾ ਵਿਤ ਓਨਾ ਨਹੀਂ ਹੈ ਜਿਤਨਾ ਸਾਖੀ/ਬਾਤ ਦਾ ਪਸਾਰਾ ਹੈ।

ਮੇਰਾ ਕਹਿਣ ਦਾ ਭਾਵ ਇਤਿਹਾਸ ਤੋਂ ਹੈ। ਇਤਿਹਾਸ ਆਪਣੀ ਰੇਖਕੀ ਬਿਰਤੀ ਵਿਚ ਤੁਰਦਾ ਹੋਇਆ ਬੜੀਆਂ ਹੀ ਅਨਮੋਲ ਬਾਤਾਂ ਨੂੰ ਤੱਥ ਭਾਲਦਾ ਹੋਇਆ ਵਿਸਾਰ ਅੱਗੇ ਗੁਜ਼ਰ ਜਾਂਦਾ ਹੈ। ਤੇ ਦੂਜਾ ਰੂਪ ਮਿੱਥ ਦਾ ਹੈ, ਇਹ ਵੀ ਆਪਣੀ ਚੱਕਰਦਾਰ ਬਿਰਤੀ ਸਦਕਾ ਸਾਖੀ ਦੇ ਉਸ ਪਾਸਾਰ ਨੂੰ ਪੇਸ਼ ਕਰਣ ਵਿਚ ਅਧੂਰੀ ਰਹਿੰਦੀ ਹੈ। ਪਰ ਸਾਖੀ/ਬਾਤ ਦਾ ਪਾਸਾਰ ਇਤਨਾ ਵੱਡਾ ਹੈ ਕਿ ਇਸ ਦਾ ਸਿਧਾਂਤ ਖੁਦ ਘੜਨ ਦੀ ਲੋੜ ਮਹਿਸੂਸ ਹੋ ਰਹੀ ਹੈ। ਸਾਖੀ/ਬਾਤ ਆਪਣੇ-ਆਪ ਵਿਚ ਹੀ ਇਤਨੀ ਸਮਰੱਥ ਹੈ ਕਿ ਇਸਨੂੰ ਹੋਰ ਕਿਸੇ ਵੀ ਰੂਪ ਦੀ ਜ਼ਰੂਰਤ ਹੀ ਨਹੀਂ ਹੈ।

ਭਾਈ ਰਤਨ ਸਿੰਘ ਭੰਗੂ ਦੀ ਮਾਂ ਨੇ ਆਪਣੇ ਪੁਰਖਿਆਂ ਦੀ ਬਾਤ ਆਪਣੇ ਪੁੱਤਰ ਨੂੰ ਸੁਣਾਈ ਤੇ ਜਿਸ ਨੂੰ ਅਸੀਂ ਪ੍ਰਾਚੀਨ ਪੰਥ ਪ੍ਰਕਾਸ਼ ਦੇ ਰੂਪ ਵਿਚ ਪੜ੍ਹਦੇ ਹਾਂ, ਸਾਡੇ ਪੁਰਖਿਆਂ ਦੀਆਂ ਬਾਤਾਂ/ਸਾਖੀਆਂ ਨੂੰ ਆਪਣੇ ਅੰਦਰ ਸਮੋਈ ਬੈਠਾ ਹੈ। ਭਾਈ ਭੰਗੂ ਦੀ ਮਾਤਾ ਜੋ ਕਿ ਬਾਬਾ ਸਿਰਦਾਰ ਸ਼ਾਮ ਸਿੰਘ ਨਾਰਲਾ ਜੀ ਦੀ ਧੀ ਨੇ ਆਪਣੇ ਜੀਵਨ ਕਾਲ ਦਰਮਿਆਨ ਜੋ ਕੁਝ ਵੀ ਆਪਣੇ ਅੱਖੀਂ ਵੇਖਿਆ, ਆਪਣੇ ਪਿਓ ਤੋਂ ਕੰਨੀ ਸੁਣਿਆ ਓਹ ਸਭ ਭਾਈ ਰਤਨ ਸਿੰਘ ਭੰਗੂ ਨੂੰ ਸੁਣਾਇਆ। ਇਸੇ ਸਾਖੀਆਂ ਦੇ ਗੁੰਥ ਵਿਚੋਂ ਨਿਕਲਦੀ ਹੋਈ ਬਾਬੇ ਸ਼ਾਮ ਸਿੰਘ ਦੀ ਬਾਤ ਅੱਜ ਸਾਹਮਣੇ ਆਈ, ਇਕ ਓਹ ਜਰਨੈਲ ਜਿਸ ਨੇ ਵੱਡੇ ਵੱਡੇ ਯੋਧੇ, ਜਰਨੈਲ ਪੈਦਾ ਕੀਤੇ, ਉਹ ਹਾਲੇ ਤਕ ਬਹੁਤਾ ਕਰਕੇ ਸਾਡੀਆਂ ਬਾਤਾਂ ਵਿਚੋਂ ਵਿਸਰਿਆ ਰਿਹਾ।

ਸਮੇਂ ਦਾ ਵਹਾਅ ਦਸਦਾ ਹੈ ਕਿ ਜਦ ਅਬਦਾਲੀ ਨੇ ਕੁੱਪ ਰੁਹੀੜੇ ਦੇ ਮੈਦਾਨ ਵਿਚ ਸਿੱਖਾਂ ਦਾ ਵੱਡਾ ਕਤਲੇਆਮ ਕੀਤਾ ਤਾਂ ਬਾਬਾ ਓਥੇ ਵੀ ਮੈਦਾਨ ਦੇ ਵਿਚ ਈ ਡਟਿਆ ਹੋਇਆ ਸੀ, ਅਬਦਾਲੀ ਆਪਣੇ ਇਕ ਜਰਨੈਲ ਨੂੰ ਆਖਦਾ ਹੈ ਕਿ ਜਾ ਉੱਪਰ ਦੀ ਘੁੰਮ ਕੇ ਦੂਜੇ ਪਾਸੇ ਤੋਂ ਹਮਲਾ ਕਰ, ਤਾਂ ਅਬਦਾਲੀ ਦਾ ਜਰਨੈਲ ਬੋਲਿਆ, ਮੈਨੂੰ ਮੌਤ ਗਲੇ ਲਗਾਉਣ ਦਾ ਏਨਾ ਵੀ ਚਾਅ ਨੀ ਹੈਗਾ ਕਿ ਨਾਰਲੇ ਆਲੇ ਸਰਦਾਰ ਦੀ ਹਿੱਕ ਚ ਵੱਜਾਂ, ਜਿਸਨੂੰ ਨੂੰ ਆਪਣੀ ਜਾਨ ਪਿਆਰੀ ਨਹੀਂ ਹੈਗੀ ਉਹ ਚਲਾ ਜਾਵੇ ਓਧਰ। ਏਦਾਂ ਦੇ ਅਨੇਕਾਂ ਹੀ ਕਿੱਸੇ ਨੇ ਸਿਰਦਾਰ ਸ਼ਾਮ ਸਿੰਘ ਦੇ ਜੀਵਨ ਵਿਚ।

ਜੱਸਾ ਸਿੰਘ ਰਾਮਗੜ੍ਹੀਆ, ਬਘੇਲ ਸਿੰਘ ਕਰੋੜਸਿੰਘੀਆ, ਸੁੱਖਾ ਸਿੰਘ ਮਾੜੀ ਕੰਬੋਕੇ ਵਰਗੇ ਬਲਵਾਨ ਯੋਧੇ ਸੂਰਮੇ ਪੈਦਾ ਕਰਣ ਵਾਲਾ ਕਾਰਖ਼ਾਨਾ ਸੀ ਸਿਰਦਾਰ। ਨੇ ਬੜਾ ਉੱਦਮ ਕੀਤਾ ਤੇ ਇਸ ਪੁਰਖੇ ਦੀ ਬਾਤ ਪਾਈ ਹੈ। ਇਸ ਨੂੰ ਉਸਤਤ ਪਬਲੀਕੇਸਨ ਵਾਲੇ ਮੇਰੇ ਦੋ ਭਰਾਵਾਂ ਤੇਜਿੰਦਰ ਸਿੰਘ ਤੇ ਅਮਨਦੀਪ ਸਿੰਘ ਕਿਤਾਬ ਰੂਪ ਦਿੱਤਾ ਹੈ। ਸਾਰੇ ਹੀ ਇਸ ਕਾਰਜ ਲਈ ਵਧਾਈ ਦੇ ਪਾਤਰ ਹਨ, ਜਿੰਨ੍ਹਾ ਨੇ ਇਸ ਪੁਰਖੇ ਦੀ ਬਾਤ ਨੂੰ ਜਿਗਿਆਸੂਆਂ ਸਾਹਮਣੇ ਪੇਸ਼ ਕੀਤਾ ਹੈ। ਇਸੇ ਹਫ਼ਤੇ ਕਿਤਾਬ ਛਪ ਕੇ ਆ ਜਾਵੇਗੀ। ਸਭ ਦੋਸਤਾਂ ਨੂੰ ਗੁਜਾਰਿਸ਼ ਹੈ ਕਿ ਇਸ ਅਣਗੌਲੇ ਸੂਰਮੇ ਦੀ ਬਾਤ ਨੂੰ ਜਹਾਨ ਨੇ ਕੋਨੇ ਕੋਨੇ ਚ ਪਹੁੰਚਾਈਏ।




# ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ’ਚ ਆਰ.ਟੀ.ਓ ਸਮੇਤ ਵੱਖ-ਵੱਖ ਦਫ਼ਤਰਾਂ ਦਾ ਨਿਰੀਖਣ

## ਅਧਿਕਾਰੀਆਂ/ਕਰਮਚਾਰੀਆਂ ਨੂੰ ਲੋਕਾਂ ਨੂੰ ਸਮੇਂ ਸਿਰ ਸੇਵਾਵਾਂ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ



ਲੁਧਿਆਣਾ, 21 ਫਰਵਰੀ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ (ਡੀ.ਏ.ਸੀ.) ਵਿੱਚ ਵੱਖ-ਵੱਖ ਦਫ਼ਤਰਾਂ ਅਤੇ ਸ਼ਾਖਾਵਾਂ ਦਾ ਨਿਰੀਖਣ ਕੀਤਾ ਅਤੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਦਫ਼ਤਰਾਂ ਵਿੱਚ ਆਉਣ ਵਾਲੇ ਲੋਕਾਂ ਨੂੰ ਸਮੇਂ ਸਿਰ ਸੇਵਾਵਾਂ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ। ਜਿਨ੍ਹਾਂ ਦਫ਼ਤਰਾਂ ਦੀ ਚੈਕਿੰਗ ਕੀਤੀ ਗਈ, ਉਨ੍ਹਾਂ ਵਿੱਚ ਐਸ.ਡੀ.ਐਮ. ਦਫ਼ਤਰ, ਐਮ.ਏ. ਦਫ਼ਤਰ, ਟਰਾਂਸਪੋਰਟ ਵਿਭਾਗ ਦਾ ਇੱਕ ਸੈਕਸ਼ਨ ਅਤੇ ਰਿਕਾਰਡ ਰੂਮ ਸ਼ਾਮਲ ਹਨ।

ਡਿਪਟੀ ਕਮਿਸ਼ਨਰ ਸਾਹਨੀ ਨੇ ਸਾਰੇ ਕਰਮਚਾਰੀਆਂ ਨੂੰ ਕੰਮ ਦੇ ਸਮੇਂ ਦੌਰਾਨ ਆਪਣੇ ਦਫ਼ਤਰਾਂ ਵਿੱਚ ਮੌਜੂਦ ਰਹਿਣ ਦੇ ਨਿਰਦੇਸ਼ ਦਿੱਤੇ ਤਾਂ ਜੋ ਲੋਕਾਂ ਨੂੰ ਕੋਈ ਪ੍ਰੇਸ਼ਾਨੀ ਨਾ ਹੋਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ। ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਨੂੰ ਲੋਕਾਂ ਦੇ ਕੰਮ ਪਹਿਲ ਦੇ ਆਧਾਰ @ਤੇ ਕਰਨ ਲਈ ਪ੍ਰੇਰਿਆ। ਉਨ੍ਹਾਂ ਨੇ ਇਨ੍ਹਾਂ ਦਫਤਰਾਂ ਦੇ ਕੰਮਕਾਜ ਵਿੱਚ ਢੁਕਵੇਂ ਪ੍ਰਬੰਧਨ ਦੀ ਮਹੱਤਤਾ ’ਤੇ ਵੀ ਜ਼ੋਰ ਦਿੱਤਾ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਕੋਰੀਡੋਰ ਨੂੰ ਪਾਰ ਕਰਦਿਆਂ, ਸਾਹਨੀ ਨੇ ਅਧਿਕਾਰੀਆਂ ਨੂੰ ਰੋਸ਼ਨੀ ਵਿੱਚ ਸੁਧਾਰ ਕਰਨ ਅਤੇ ਜਨਤਾ ਲਈ ਉਚਿਤ ਅਤੇ ਢੁਕਵੇਂ ਬੈਠਣ ਦੇ ਪ੍ਰਬੰਧ ਨੂੰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਸੇਵਾਵਾਂ ਦੀ ਸਪੁਰਦਗੀ ਨੂੰ ਸੌਖਾ ਬਣਾਉਣ ਲਈ ਹੋਰ ਵਿੰਡੋਜ਼ ਸਥਾਪਤ ਕਰਨ ਦੀ ਸੰਭਾਵਨਾ ਦੀ ਪੜਚੋਲ ਕਰਨ ਦਾ ਸੁਝਾਅ ਵੀ ਦਿੱਤਾ।

ਡਿਪਟੀ ਕਮਿਸ਼ਨਰ ਸਾਹਨੀ ਨੇ ਲੋਕਾਂ ਵਿੱਚ ਸਰਕਾਰ ਅਤੇ ਇਸ ਦੇ ਕੰਮਕਾਜ ਵਿੱਚ ਵਿਸ਼ਵਾਸ ਪੈਦਾ ਕਰਨ ਲਈ ਲੋਕਾਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੇ ਭਲੇ ਲਈ ਲੋਕ ਪੱਖੀ ਅਤੇ ਵਿਕਾਸ ਪੱਖੀ ਨੀਤੀਆਂ ਨੂੰ ਲਾਗੂ ਕਰਨ ਲਈ ਵਚਨਬੱਧ ਹੈ।

ਨਿਰੀਖਣ ਦੌਰਾਨ ਸਾਹਨੀ ਨੇ ਇਨ੍ਹਾਂ ਦਫ਼ਤਰਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਅਤੇ ਉਨ੍ਹਾਂ ਨੂੰ ਮਿਲਣ ਆਉਣ ਵਾਲੇ ਲੋਕਾਂ ਨਾਲ ਵੀ ਗੱਲਬਾਤ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਓਜਸਵੀ ਅਲੰਕਾਰ, ਸਹਾਇਕ ਕਮਿਸ਼ਨਰ ਉਪਿੰਦਰਜੀਤ ਕੌਰ ਬਰਾੜ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਪੰਜਾਬ ਸਰਕਾਰ ਵਲੋਂ ਪੰਜਾਬੀ ਪ੍ਰਵਾਸੀ ਭਾਰਤੀਆਂ ਨਾਲ ਮਿਲਣੀ 27 ਫਰਵਰੀ ਨੂੰ ਫਿਰੋਜ਼ਪੁਰ ਵਿਚ

ਫਿਰੋਜ਼ਪੁਰ, 21 ਫਰਵਰੀ (ਗਿਆਨ ਸਿੰਘ): ਪੰਜਾਬ ਸਰਕਾਰ ਵਲੋਂ ਪੰਜਾਬੀ ਪ੍ਰਵਾਸੀ ਭਾਰਤੀਆਂ ਦੇ ਮਸਲਿਆਂ ਤੇ ਸ਼ਿਕਾਇਤਾਂ ਦੇ ਉਚਿੱਤ ਨਿਪਟਾਰੇ, ਉਨ੍ਹਾਂ ਨਾਲ ਬਿਹਤਰੀਨ ਤਾਲਮੇਲ ਸਥਾਪਿਤ ਕਰਕੇ ਉਨ੍ਹਾਂ ਨੂੰ ਸੂਬੇ ਦੀ ਤਰੱਕੀ ਵਿੱਚ ਭਾਈਵਾਲ ਬਣਾਉਣ ਤੇ ਜੜ੍ਹਾਂ ਨਾਲ ਜੋੜਨ ਦੇ ਮਕਸਦ ਨਾਲ ‘ਪੰਜਾਬੀ ਪ੍ਰਵਾਸੀ ਭਾਰਤੀਆਂ ਨਾਲ ਮਿਲਣੀ‘ ਪ੍ਰੋਗਰਾਮ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਵਿਖੇ 27 ਫਰਵਰੀ ਦਸੰਬਰ 2024 ਨੂੰ ਆਯੋਜਿਤ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮਿਲਣੀ ਵਿੱਚ ਕੈਬਨਿਟ ਮੰਤਰੀ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਟੀਮ ਵੱਲੋਂ ਫਿਰੋਜ਼ਪੁਰ, ਮੋਗਾ, ਫਰੀਦਕੋਟ, ਫਾਜ਼ਲਿਕਾ, ਸ੍ਰੀ ਮੁਕਤਸਰ ਸਾਹਿਬ ਤੇ ਤਰਨ ਤਾਰਨ ਜ਼ਲ੍ਹਿਆਂ ਨਾਲ ਸਬੰਧਿਤ ਪ੍ਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਤੇ ਮਸਲਿਆਂ ਨੂੰ ਸੁਣਿਆ ਜਾਵੇਗਾ ਅਤੇ ਮੌਕੇ ‘ਤੇ ਉਚਿੱਤ ਨਿਪਟਾਰਾ/ਹੱਲ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ 27 ਫਰਵਰੀ ਨੂੰ ਸਵੇਰੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਐਨ.ਆਰ.ਆਈਜ਼ ਨਾਲ ਉਨ੍ਹਾਂ ਦੇ ਸ਼ਿਕਾਇਤਾਂ ਅਤੇ ਮਸਲਿਆਂ ਬਾਰੇ ਵਿਚਾਰ-ਵਟਾਂਦਰਾ ਕਰਨਗੇ ਅਤੇ ਮੌਕੇ ‘ਤੇ ਮੌਜੂਦ ਅਧਿਕਾਰੀਆਂ ਨੂੰ ਛੇਤੀ ਤੋਂ ਛੇਤੀ ਹੱਲ ਲਈ ਹੁਕਮ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਮਿਲਣੀ ਦੌਰਾਨ ਸਬੰਧਿਤ ਜ਼ਿਲ੍ਹਿਆਂ ਦੇ ਵਿਭਾਗਾਂ ਦੇ ਉੱਚ ਅਧਿਕਾਰੀ ਵੀ ਮੌਜੂਦ ਰਹਿਣਗੇ।

ਡਿਪਟੀ ਕਮਿਸ਼ਨਰ ਨੇ ਫਿਰੋਜ਼ਪੁਰ ਤੇ ਹੋਰ ਸਬੰਧਤ ਜ਼ਿਲ੍ਹਿਆਂ ਨਾਲ ਸਬੰਧਤ ਪ੍ਰਵਾਸੀ ਭਾਰਤੀਆਂ ਨੂੰ ਐਨ.ਆਰ.ਆਈਜ਼ ਮਿਲਣੀ ਵਿਚ ਸ਼ਾਮਿਲ ਹੋ ਕੇ ਇਸ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ।



# ਰਿਸ਼ਵਤ ਲੈਂਦਾ ਏ.ਐਸ.ਆਈ. ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, 21 ਫਰਵਰੀ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਸੰਗਰੂਰ ਜ਼ਿਲ੍ਹੇ ਦੇ ਥਾਣਾ ਲੌਂਗੋਵਾਲ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਚਤਰ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਪੁਲਿਸ ਮੁਲਾਜ਼ਮ ਨੂੰ ਬਿੰਦਰ ਸਿੰਘ ਵਾਸੀ ਪਿੰਡ ਝਾੜੋਂ ਜ਼ਿਲ੍ਹਾ ਸੰਗਰੂਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਕਿ-ਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਏ.ਐਸ.ਆਈ. ਉਸ ਦੇ ਰਿਸ਼ਤੇਦਾਰ ਰਣਜੀਤ ਸਿੰਘ ਵਾਸੀ ਪਿੰਡ ਝਾੜੋਂ, ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਥਾਣਾ ਲੌਂਗੋਵਾਲ ਵਿਖੇ ਪੁਲੀਸ ਕੇਸ ਵਿੱਚ ਨਾਮਜ਼ਦ ਕੀਤੇ ਜਾਣ ਉਪਰੰਤ ਉਸ ਕੋਲ਼ੋਂ 10,000 ਰੁਪਏ ਦੀ ਰਿਸ਼ਵਤ ਦੀ ਮੰਗ ਰਿਹਾ ਹੈ। ਸ਼ਕਿਾਇਤਕਰਤਾ ਨੇ ਅੱਗੇ ਕਿਹਾ ਕਿ ਉਕਤ ਛੋਟਾ ਥਾਣੇਦਾਰ ਰਣਜੀਤ ਸਿੰਘ ਦੇ ਘਰੋਂ ਇੱਕ ਗੱਡੀ (ਅਰਟਿਗਾ ਕਾਰ) ਵੀ ਚੁੱਕ ਕੇ ਲੈ ਗਿਆ ਹੈ ਜੋ ਉਸਦੀ ਪਤਨੀ ਦੇ ਨਾਮ 'ਤੇ ਰਜਿਸਟਰਡ ਹੈ। ਸ਼ਕਿਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਮੁਲਜ਼ਮ ਏ.ਐਸ.ਆਈ. ਰਣਜੀਤ ਸਿੰਘ ਨੂੰ ਰਿਸ਼ਵਤ ਦੇਣ ਲਈ ਧਮਕੀਆਂ ਦੇ ਰਿਹਾ ਹੈ ਨਹੀਂ ਤਾਂ ਉਹ ਇਸ ਮਾਮਲੇ ਵਿੱਚ ਉਸਦੀ ਪਤਨੀ ਨੂੰ ਵੀ ਨਾਮਜ਼ਦ ਕਰ ਦੇਵੇਗਾ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਕਿਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਪਟਿਆਲਾ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਜਿਸ ਵਿੱਚ ਏ.ਐਸ.ਆਈ. ਚਤਰ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਬਿੰਦਰ ਸਿੰਘ ਤੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਇਸ ਸਬੰਧੀ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਰਵਾਈ ਜਾਰੀ ਹੈ।








